# ਹਾਈ ਸਟੈਂਡਰਡ ਨਿਊਜ਼

HIGHSTANDARDNEWS

Date 25.05.2024

www.hsnnews.in | PUNPUN/2024/86289 | President:-Shailzadwivedi | Email:info@hsnnews.in

Vol.11 | May-2024 | Published in Punjab | Pages 8

## 6ਵੇਂ ਪੜਾਅ 'ਚ ਸਵੇਰੇ 11 ਵਜੇ ਤੱਕ 25 ਫ਼ੀਸਦੀ ਵੋਟਿੰਗ, ਪੱਛਮੀ ਬੰਗਾਲ 'ਚ ਬੰਪਰ ਵੋਟਿੰਗ

ਲੋਕ ਸਭਾ ਚੋਣਾਂ ਦੇ 6ਵੇਂ ਪੜਾਅ ਲਈ ਅੱਜ ਯਾਨੀ ਕਿ 25 ਮਈ ਵੋਟਾਂ ਪੈ ਰਹੀਆਂ ਹਨ। ਇਸ ਪੜਾਅ ਵਿਚ 6 ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ 58 ਸੀਟਾਂ 'ਤੇ ਵੋਟਾਂ ਪੈ ਰਹੀਆਂ ਹਨ। ਦਿੱਲੀ ਦੀਆਂ 7 ਅਤੇ ਹਰਿਆਣਾ ਦੀਆਂ 10 ਸੀਟਾਂ ਸਮੇਤ ਉੱਤਰ ਪ੍ਰਦੇਸ਼ ਦੀ 14, ਬਿਹਾਰ ਦੀਆਂ 8, ਪੱਛਮੀ ਬੰਗਾਲ ਦੀਆਂ 8, ਝਾਰਖੰਡ ਦੀਆਂ 4 ਅਤੇ ਓਡੀਸ਼ਾ ਦੀਆਂ 6 ਸੀਟਾਂ ਅਤੇ ਇਸ ਦੇ ਨਾਲ ਹੀ ਜੰਮੂ ਕਸ਼ਮੀਰ ਦੀ ਅਨੰਤਨਾਗ-ਰਾਜੌਰੀ ਸੀਟ ਲਈ ਵੀ ਇਸੇ ਪੜਾਅ 'ਚ ਵੋਟਿੰਗ ਹੋ ਰਹੀ ਹੈ। ਦੱਸ ਦੇਈਏ ਕਿ ਅੱਜ 6ਵੇਂ ਪੜਾਅ ਦੀ ਵੋਟਿੰਗ ਮਗਰੋਂ 7ਵੇਂ ਅਤੇ ਆਖ਼ਰੀ ਪੜਾਅ ਲਈ 1 ਜੂਨ ਨੂੰ ਵੋਟਿੰਗ ਹੋਵੇਗੀ ਅਤੇ 4 ਜੂਨ ਨੂੰ ਨਤੀਜੇ ਆਉਣਗੇ।ਓਧਰ ਪੀਪਲਜ਼ ਡੈਮੋਕ੍ਰੇਟਿਕ ਪਾਰਟੀ (ਪੀ.ਡੀ.ਪੀ) ਦੀ ਪ੍ਰਧਾਨ ਮਹਿਬੂਬਾ ਮੁਫਤੀ ਨੇ ਸ਼ਨੀਵਾਰ ਨੂੰ ਬਿਜਬੇਹਰਾ ਵਿਚ ਆਪਣੀ ਪਾਰਟੀ ਦੇ ਵਰਕਰਾਂ ਅਤੇ ਪੋਲਿੰਗ ਏਜੰਟ ਦੀ ਗ੍ਰਿਫਤਾਰੀ ਖਿਲਾਫ ਪ੍ਰਦਰਸ਼ਨ ਕੀਤਾ। ਜ਼ਿਕਰਯੋਗ ਹੈ ਕਿ ਮਹਿਬੂਬਾ ਵੀ ਅਨੰਤਨਾਗ-ਰਾਜੌਰੀ ਸੰਸਦੀ ਹਲਕੇ ਤੋਂ ਚੋਣ ਲੜ ਰਹੀ ਹੈ ਅਤੇ ਇਸ ਸੀਟ 'ਤੇ ਅੱਜ ਵੋਟਿੰਗ ਹੋ ਰਹੀ ਹੈ। ਅਨੰਤਨਾਗ-ਰਾਜੌਰੀ ਸੰਸਦੀ ਹਲਕੇ 'ਚ 20 ਉਮੀਦਵਾਰ ਆਪਣੀ ਕਿਸਮਤ ਅਜ਼ਮਾ ਰਹੇ ਹਨ। ਮੁਫਤੀ ਨੇ ਦੋਸ਼ ਲਾਇਆ ਕਿ ਅਨੰਤਨਾਗ ਅਤੇ ਦੱਖਣੀ ਕਸ਼ਮੀਰ ਦੇ ਹੋਰ ਜ਼ਿਲ੍ਹਿਆਂ ਵਿਚ ਬੀਤੀ ਰਾਤ ਉਨ੍ਹਾਂ ਦੀ ਪਾਰਟੀ ਦੇ ਵਰਕਰਾਂ ਅਤੇ ਪੋਲਿੰਗ ਏਜੰਟਾਂ ਨੂੰ ਬਿਨਾਂ ਕਿਸੇ ਕਾਰਨ ਦੇ ਗ੍ਰਿਫ਼ਤਾਰ ਕੀਤਾ ਗਿਆ।ਦੱਸਣਯੋਗ ਹੈ ਕਿ ਲੋਕ ਸਭਾ ਚੋਣਾਂ ਦੇ 6ਵੇਂ ਪੜਾਅ 'ਚ ਜਿਨ੍ਹਾਂ ਚਰਚਿਤ ਅਤੇ ਦਿੱਗਜ ਚਿਹਰਿਆਂ ਦੀ ਕਿਸਮਤ ਦਾਅ 'ਤੇ ਲੱਗੀ ਹੈ, ਉਨ੍ਹਾਂ 'ਚ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਮਨੋਹਰ ਲਾਲ ਖੱਟੜ (ਕਰਨਾਲ ਸੰਸਦੀ ਖੇਤਰ), ਜੰਮੂ ਕਸ਼ਮੀਰ ਦੀ ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫ਼ਤੀ (ਅਨੰਤਨਾਗ-ਰਾਜੌਰੀ), ਕੇਂਦਰੀ ਮੰਤਰੀ ਧਰਮੇਂਦਰ ਪ੍ਰਧਾਨ (ਓਡੀਸ਼ਾ ਦੇ ਸੰਬਲਪੁਰ ਤੋਂ), ਕੇਂਦਰੀ ਮੰਤਰੀ ਰਾਵ ਇੰਦਰਜੀਤ ਅਤੇ ਅਭਿਨੇਤਾ ਰਾਜ ਬੱਬਰ (ਗੁਰੂਗ੍ਰਾਮ), ਕੇਂਦਰੀ ਮੰਤਰੀ ਕ੍ਰਿਸ਼ਨ ਪਾਲ ਗੁੱਜਰ (ਫਰੀਦਾਬਾਦ), ਸਾਬਕਾ ਕੇਂਦਰੀ ਮੰਤਰੀ ਮੇਨਕਾ ਗਾਂਧੀ (ਸੁਲਤਾਨਪੁਰ), ਮਨੋਜ ਤਿਵਾੜੀ ਅਤੇ ਕਨ੍ਹਈਆ ਕੁਮਾਰ (ਉੱਤਰ ਪੂਰਬੀ ਦਿੱਲੀ), ਨਵੀਨ ਜਿੰਦਲ (ਕੁਰੂਕੁਸ਼ੇਤਰ) ਆਦਿ ਸ਼ਾਮਲ ਹਨ।



## ਹੁਣ ਡਾਬਰ ਅਤੇ ਗੋਦਰੇਜ ਦਾ ਕੈਂਸਰਕਾਰੀ ਕੈਮੀਕਲ ਨਾਲ ਜੁੜਿਆ ਨਾਂ




ਪਿਛਲੇ ਕੁਝ ਮਹੀਨਿਆਂ ’ਚ ਐੱਮ. ਡੀ. ਐੱਚ. ਅਤੇ ਐਵਰੈਸਟ ਵਰਗੇ ਲੋਕਪ੍ਰਿਯ ਮਸਾਲਾ ਬ੍ਰਾਂਡਾਂ ’ਤੇ ਐਥਲੀਨ ਆਕਸਾਈਡ ਨਾਂ ਦੇ ਰਸਾਇਣ ਦੀ ਮੌਜੂਦਗੀ ਨੂੰ ਲੈ ਕੇ ਚਿੰਤਾਵਾਂ ਸਾਹਮਣੇ ਆਈਆਂ ਹਨ। ਐਥਲੀਨ ਆਕਸਾਈਡ ਨੂੰ ਕੈਂਸਰਕਾਰੀ ਕੈਮੀਕਲ ਦੇ ਤੌਰ ’ਤੇ ਕੈਟੇਗਰਾਈਜ਼ ਕੀਤਾ ਗਿਆ ਹੈ। ਇਸ ਕਾਰਨ ਸਿੰਗਾਪੁਰ ਅਤੇ ਹਾਂਗਕਾਂਗ ਵਰਗੇ ਦੇਸ਼ਾਂ ਨੇ ਇਨ੍ਹਾਂ ਮਸਲਿਆਂ ’ਤੇ ਰੋਕ ਲਾ ਦਿੱਤੀ ਹੈ। ਇਹ ਮਾਮਲਾ ਠੰਢਾ ਪਿਆ ਵੀ ਨਹੀਂ ਹੈ ਕਿ ਹੁਣ ਕੈਂਸਰਕਾਰੀ ਕੈਮੀਕਲ ਨਾਲ ਦੇਸ਼ ਦੀਆਂ 2 ਹੋਰ ਦਿੱਗਜ ਕੰਪਨੀਆਂ ਦਾ ਨਾਂ ਜੁੜ ਗਿਆ ਹੈ। ਇਹ ਕੰਪਨੀਆਂ ਹਨ ਡਾਬਰ ਅਤੇ ਗੋਦਰੇਜ।ਅਮਰੀਕੀ ਅਦਾਲਤ ’ਚ ਇਨ੍ਹਾਂ ਦੀਆਂ ਵਿਦੇਸ਼ੀ ਸਹਾਇਕ ਕੰਪਨੀਆਂ ’ਤੇ ਮੁਕੱਦਮੇਬਾਜ਼ੀ ਦੀ ਤਲਵਾਰ ਲਟਕ ਗਈ ਹੈ। ਕੈਂਸਰ ਨਾਲ ਜੁੜੇ ਕਈ ਮਿਲੀਅਨ ਡਾਲਰ ਦੇ ਕਲਾਸ ਐਕਸ਼ਨ ਸੂਟ ’ਤੇ ਜੂਰੀ ਸੁਣਵਾਈ ’ਚ ਹਿੱਸਾ ਲੈ ਸਕਦੀ ਹੈ। ਬਿਜ਼ਨੈੱਸਵਰਲਡ ਦੀ ਰਿਪੋਰਟ ’ਚ ਇਹ ਗੱਲ ਕਹੀ ਗਈ ਹੈ। ਰਿਪੋਰਟ ਅਨੁਸਾਰ ਇਹ ਮੁਕੱਦਮਾ ਅਮਰੀਕਾ ਦੇ ਜ਼ਿਲਾ ਅਦਾਲਤ, ਉੱਤਰੀ ਜ਼ਿਲਾ ਇਲੀਨੋਇਸ ’ਚ ਦਾਇਰ ਕੀਤਾ ਗਿਆ ਸੀ। ਸੂਤਰਾਂ ਦੇ ਹਵਾਲੇ ਨਾਲ ਦੱਸਿਆ ਗਿਆ ਹੈ ਕਿ ਜੂਰੀ ਸੁਣਵਾਈ ਦੌਰਾਨ ਦੋਵਾਂ ਕੰਪਨੀਆਂ ਨੂੰ ਮਾਮਲੇ ਦੀ ਸੁਣਵਾਈ ਪੂਰੀ ਹੋਣ ਤਕ ਹਰ ਮਹੀਨੇ ਲਗਭਗ 10 ਲੱਖ ਡਾਲਰ ਤੋਂ 30 ਲੱਖ ਡਾਲਰ ਜਮ੍ਹਾ ਕਰਨ ਲਈ ਕਹਿ ਸਕਦੀ ਹੈ। ਪਟੀਸ਼ਨਕਰਤਾ ਨੇ 22 ਮਈ ਨੂੰ ਜੂਰੀ ਨੂੰ ਸੁਣਵਾਈ ਦੀ ਅਪੀਲ ਕੀਤੀ ਸੀ।

## ਸੋਨੀਆ ਗਾਂਧੀ, ਰਾਹੁਲ ਨੇ ਨਵੀਂ ਦਿੱਲੀ ਚੋਣ ਖੇਤਰ ਚ ਪਾਈ ਵੋਟ



ਕਾਂਗਰਸ ਸੰਸਦੀ ਦਲ ਦੀ ਮੁਖੀ ਸੋਨੀਆ ਗਾਂਧੀ ਅਤੇ ਪਾਰਟੀ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਸ਼ਨੀਵਾਰ ਨੂੰ ਲੋਕ ਸਭਾ ਚੋਣਾਂ ਦੇ 6ਵੇਂ ਪੜਾਅ 'ਚ ਨਵੀਂ ਦਿੱਲੀ ਸੰਸਦੀ ਖੇਤਰ 'ਚ ਆਪਣਾ ਵੋਟ ਪਾਈ। ਉਹ ਸਵੇਰੇ ਕਰੀਬ 9.30 ਵਜੇ ਨਿਰਮਾਣ ਭਵਨ ਦੇ ਵੋਟਿੰਗ ਕੇਂਦਰ 'ਤੇ ਪਹੁੰਚੇ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ। ਕਾਂਗਰਸ ਦੇ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ, ਉਨ੍ਹਾਂ ਦੇ ਪੁੱਤਰ ਰੇਹਾਨ ਰਾਜੀਵ ਵਾਡਰਾ ਅਤੇ ਬੇਟੀ ਮਿਰਾਇਆ ਵਾਡਰਾ ਨੇ ਵੀ ਵੋਟਿੰਗ ਕੀਤੀ।ਇਸ ਵਾਰ ਨਵੀਂ ਦਿੱਲੀ ਸੰਸਦੀ ਖੇਤਰ ਤੋਂ ਕਾਂਗਰਸ ਪਾਰਟੀ ਦਾ ਉਮੀਦਵਾਰ ਚੋਣ ਮੈਦਾਨ 'ਚ ਨਹੀਂ ਹੈ, ਕਿਉਂਕਿ ਇੱਥੇ ਕਾਂਗਰਸ ਦੀ ਸਹਿਯੋਗੀ ਆਮ ਆਦਮੀ ਪਾਰਟੀ ਦੇ ਸੋਮਨਾਥ ਭਾਰਤੀ ਚੋਣ ਲੜ ਰਹੇ ਹਨ।



# ਅਦਾਕਾਰ ਕਰਮਜੀਤ ਅਨਮੋਲ ਕੋਲ ਹੈ 1.70 ਲੱਖ ਕੈਸ਼

ਇੰਨੀਂ ਦਿਨੀਂ ਪੰਜਾਬ 'ਚ ਲੋਕ ਸਭਾ ਚੋਣਾਂ ਨੂੰ ਲੈ ਕੇ ਮਾਹੌਲ ਭਖਿਆ ਹੋਇਆ ਹੈ। ਪੰਜਾਬੀ ਫ਼ਿਲਮ ਇੰਡਸਟਰੀ ਦੇ ਉਘੇ ਅਦਾਕਾਰ ਕਰਮਜੀਤ ਅਨਮੋਲ ਵੀ ਆਪ ਉਮੀਦਵਾਰ ਵਜੋਂ ਫਰੀਦਕੋਟ (ਰਿਜ਼ਰਵ) ਸੀਟ ਤੋਂ ਚੋਣ ਲੜ ਰਹੇ ਹਨ। ਇਸ ਦਰਮਿਆਨ ਅਦਾਕਾਰਾ ਲਗਾਤਾਰ ਸੁਰਖੀਆਂ 'ਚ ਬਣਿਆ ਹੋਇਆ ਹੈ। ਬੀਤੇ ਕੁਝ ਦਿਨ ਆਪਣਾ ਹਲਫਨਾਮਾ ਦਾਖਲ ਕਰਦਿਆਂ ਉਨ੍ਹਾਂ ਨੇ ਆਪਣੀ ਜਾਇਦਾਦ ਦਾ ਵੀ ਖੁਲਾਸਾ ਕੀਤਾ ਸੀ। ਕਰਮਜੀਤ ਅਨਮੋਲ ਨੇ ਆਪਣੇ 20 ਸਾਲ ਦੇ ਐਕਟਿੰਗ ਕਰੀਅਰ 'ਚ ਬਹੁਤ ਥੋੜੀ ਜਾਇਦਾਦ ਕਮਾਈ ਹੈ। ਉਨ੍ਹਾਂ ਦੀ ਜਾਇਦਾਦ ਬਾਰੇ ਜਾਣ ਕੇ ਤੁਹਾਨੂੰ ਝਟਕਾ ਲੱਗ ਸਕਦਾ ਹੈ।ਆਪ' ਉਮੀਦਵਾਰ ਅਤੇ ਪੰਜਾਬੀ ਅਦਾਕਾਰ ਕਰਮਜੀਤ ਸਿੰਘ ਅਨਮੋਲ ਨੇ ਆਪਣੇ ਚੋਣ ਹਲਫਨਾਮੇ ਅਨੁਸਾਰ, ਕੈਨੇਡਾ 'ਚ ਰਿਹਾਇਸ਼ੀ ਜਾਇਦਾਦ ਸਮੇਤ ਆਪਣੀ ਕੁੱਲ ਜਾਇਦਾਦ 14.88 ਕਰੋੜ ਰੁਪਏ ਦੱਸੀ ਹੈ। ਉਨ੍ਹਾਂ ਨੇ ਆਪਣੀ ਪਤਨੀ ਦੀ ਜਾਇਦਾਦ ਸਮੇਤ ਆਪਣੀ ਕੁੱਲ ਚੱਲ ਅਤੇ ਅਚੱਲ ਜਾਇਦਾਦ ਦਾ ਵੀ ਐਲਾਨ ਕੀਤਾ ਹੈ। ਦੋਵਾਂ ਦੀ ਕੁੱਲ ਜਾਇਦਾਦ 14.88 ਕਰੋੜ ਰੁਪਏ ਹੈ। 'ਕੈਰੀ ਆਨ ਜੱਟਾ', 'ਨਿੱਕਾ ਜ਼ੈਲਦਾਰ' ਅਤੇ 'ਮੁਕਲਾਵਾ' ਸਮੇਤ ਕਈ ਹਿੱਟ ਫ਼ਿਲਮਾਂ 'ਚ ਕੰਮ ਕਰ ਚੁੱਕੇ ਅਨਮੋਲ ਨੇ ਹਲਫਨਾਮੇ 'ਚ 1.70 ਲੱਖ ਰੁਪਏ ਨਕਦ ਦੇਣ ਦਾ ਐਲਾਨ ਕੀਤਾ ਹੈ। ਉਨ੍ਹਾਂ ਨੇ ਵਿੱਤੀ ਸਾਲ 2022-23 ਲਈ ਆਪਣੀ ਕੁੱਲ ਆਮਦਨ 39.37 ਲੱਖ ਰੁਪਏ ਦੱਸੀ ਹੈ। ਹਲਫਨਾਮੇ ਮੁਤਾਬਕ, ਕਰਮਜੀਤ ਅਨਮੋਲ ਕੋਲ 11.96 ਲੱਖ ਰੁਪਏ ਦੀ ਟੋਇਟਾ ਫਾਰਚੂਨਰ ਅਤੇ 13.74 ਲੱਖ ਰੁਪਏ ਦੀ ਮਹਿੰਦਰਾ ਥਾਰ ਹੈ। ਇਸ ਤੋਂ ਇਲਾਵਾ ਕੋਲ 2.20 ਲੱਖ ਰੁਪਏ ਦੇ ਸੋਨੇ ਦੇ ਗਹਿਣੇ ਹਨ, ਜਦੋਂਕਿ ਉਨ੍ਹਾਂ ਦੀ ਪਤਨੀ ਕੋਲ 25.83 ਲੱਖ ਰੁਪਏ ਦੇ ਸੋਨੇ ਦੇ ਗਹਿਣੇ ਹਨ।ਦੱਸਣਯੋਗ ਹੈ ਕਿ ਅਨਮੋਲ ਸੰਗਰੂਰ 'ਚ ਵਾਹੀਯੋਗ ਜ਼ਮੀਨ ਦਾ ਮਾਲਕ ਹੈ, ਜਦੋਂਕਿ ਮੋਹਾਲੀ ਅਤੇ ਸੰਗਰੂਰ 'ਚ ਰਿਹਾਇਸ਼ੀ ਜਾਇਦਾਦਾਂ ਦੇ ਮਾਲਕ ਹਨ। ਆਪਣੇ ਹਲਫ਼ਨਾਮੇ ਅਨੁਸਾਰ ਉਨ੍ਹਾਂ ਨੇ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਦੇ ਸਰੀ 'ਚ 4 ਲੱਖ 99 ਹਜ਼ਾਰ 652 ਕੈਨੇਡੀਅਨ ਡਾਲਰ (ਭਾਰਤੀ ਕਰੰਸੀ 'ਚ 3.05 ਕਰੋੜ ਰੁਪਏ) ਦੀ ਰਿਹਾਇਸ਼ੀ ਜਾਇਦਾਦ ਵੀ ਦਿਖਾਈ ਹੈ। ਅਨਮੋਲ ਦੇ ਸਿਰ 'ਤੇ 2.90 ਕਰੋੜ ਰੁਪਏ ਦਾ ਕਰਜ਼ਾ ਹੈ। ਅਨਮੋਲ ਨੇ ਸਾਲ 1993 'ਚ ਸੁਨਾਮ ਦੇ ਸ਼ਹੀਦ ਉਧਮ ਸਿੰਘ ਸਰਕਾਰੀ ਕਾਲਜ ਤੋਂ ਆਪਣੀ ਸਕੂਲੀ ਪੜ੍ਹਾਈ ਕੀਤੀ ਸੀ। ਫਰੀਦਕੋਟ ਰਾਖਵੀਂ ਸੀਟ ਤੋਂ 'ਆਪ' ਉਮੀਦਵਾਰ ਅਨਮੋਲ ਦਾ ਮੁਕਾਬਲਾ ਭਾਜਪਾ ਉਮੀਦਵਾਰ ਹੰਸ ਰਾਜ ਹੰਸ, ਕਾਂਗਰਸ ਉਮੀਦਵਾਰ ਅਮਰਜੀਤ ਕੌਰ ਸਾਹੋਕੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਰਾਜਵਿੰਦਰ ਸਿੰਘ ਨਾਲ ਹੈ।

# ਅਗਲੇ 5 ਦਿਨ ਪਵੇਗੀ ਰਿਕਾਰਡ ਤੋੜ ਗਰਮੀ, ਪਾਰਾ ਪਹੁੰਚੇਗਾ 46 ਦੇ ਪਾਰ



ਪੰਜਾਬ ਵਿਚ ਵੈਸਟਰਨ ਡਿਸਟਰਬੈਂਸ ਕਾਰਨ ਬੀਤੇ ਦਿਨੀਂ ਕੁਝ ਇਲਾਕਿਆਂ ਵਿਚ ਮੀਂਹ ਪਿਆ ਜਿਸ ਨਾਲ ਲੋਕਾਂ ਨੂੰ ਕੁਝ ਰਾਹਤ ਮਿਲੀ। ਅੰਮ੍ਰਿਤਸਰ ਤੇ ਆਸ-ਪਾਸ ਦੇ ਇਲਾਕਿਆਂ ਵਿਚ ਬੀਤੀ ਰਾਤ ਤੇਜ਼ ਹਵਾਵਾਂ, ਹਨ੍ਹੇਰੀ ਨਾਲ ਮੀਂਹ ਪਿਆ। ਪਰ ਅੱਜ ਤੋਂ ਪੰਜਾਬ ਵਿਚ ਨੌਤਪਾ ਦੀ ਸ਼ੁਰੂਆਤ ਹੋਣ ਜਾ ਰਹੀ ਹੈ। ਮੌਸਮ ਵਿਭਾਗ ਮੁਤਾਬਕ ਬੀਤੇ ਦਿਨਾਂ ਤੋਂ ਜੋ ਤਾਪਮਾਨ 42 ਤੋਂ 45 ਡਿਗਰੀ ਵਿਚ ਸਿਮਟ ਗਿਆ ਸੀ, ਹੁਣ ਅਚਾਨਕ ਵਧੇਗਾ।

ਅਗਲੇ 4-5 ਦਿਨਾਂ ਦੌਰਾਨ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿਚ ਖੁਸ਼ਕ ਮੌਸਮ ਰਹਿਣ ਦੀ ਸੰਭਾਵਨਾ ਹੈ। ਦੱਖਣੀ-ਪੱਛਮੀ ਪੰਜਾਬ ਤੇ ਹਰਿਆਣਾ ਦੇ ਕੁਝ ਹਿੱਸਿਆਂ ਵਿਚ ਅਧਿਕਤਮ ਤਾਪਮਾਨ 45-46 ਡਿਗਰੀ ਦੇ ਵਿਚ ਬਣਿਆ ਹੋਇਆਹੈ ਜਦੋਂ ਕਿ ਚੰਡੀਗੜ੍ਹ ਸਣੇ ਉੱਤਰੀ ਖੇਤਰਾਂ ਵਿਚ ਅਧਿਕਤਮ ਤਾਪਮਾਨ ਲਗਭਗ 39-42 ਡਿਗਰੀ ਸੈਲਸੀਅਸ ਹੈ।

ਅਗਲੇ 3-4 ਦਿਨਾਂ ਦੌਰਾਨ ਅਧਿਕਤਮ ਤਾਪਮਾਨ ਵਿਚ ਹੌਲੀ-ਹੌਲੀ ਲਗਭਗ 2-3 ਡਿਗਰੀ ਸੈਲਸੀਅਸ ਦਾ ਵਾਧਾ ਹੋਣ ਦੀ ਸੰਭਾਵਨਾ ਹੈ। ਇਸੇ ਤਰ੍ਹਾਂ ਚੰਡੀਗੜ੍ਹ ਸਣੇ ਪੰਜਾਬ ਤੇ ਹਰਿਆਣਾ ਦੇ ਉੱਤਰੀ ਹਿੱਸਿਆਂ ਵਿਚ ਤਾਪਮਾਨ 42-44 ਡਿਗਰੀ ਸੈਲਸੀਅਸ ਰਹਿਣ ਦੀ ਉਮੀਦ ਹੈ। ਇਸ ਨਾਲ 25 ਤੋਂ 28 ਮਈ ਦੌਰਾਨ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿਚ ਵੀਟ ਵੇਵ ਹੋਰ ਚੱਲਣ ਦੀ ਸੰਭਾਵਨਾ ਹੈ। ਕੁਝ ਥਾਵਾਂ ਉਤੇ ਤਾਪਮਾਨ 46-47 ਡਿਗਰੀ ਤੱਕ ਪਹੁੰਚ ਸਕਦਾ ਹੈ।

# ਅੱਜ ਅੰਮ੍ਰਿਤਸਰ ਤੇ ਤਰਨਤਾਰਨ 'ਚ ਰੋਡ ਸ਼ੋਅ ਕਰਨਗੇ CM ਮਾਨ, AAP ਉਮੀਦਵਾਰਾਂ ਦੇ ਹੱਕ 'ਚ ਮੰਗਣਗੇ ਵੋਟ



ਲੋਕ ਸਭਾ ਚੋਣਾਂ ਦੀ ਜੰਗ ਨੂੰ ਫਤਿਹ ਕਰਨ ਲਈ ਮੁੱਖ ਮੰਤਰੀ ਮਾਨ ਪੂਰੀ ਤਾਕਤ ਲਗਾ ਰਹੇ ਹਨ। ਉਹ ਪਿਛਲੇ ਇਕ ਹਫਤੇ ਤੋਂ ਲਗਾਤਾਰ ਰੋਡ ਸ਼ੋਅ ਤੇ ਰੈਲੀਆਂ ਕਰ ਰਹੇ ਹਨ। ਇਸੇ ਤਹਿਤ ਉਹ ਅੱਜ ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ ਤੇ ਤਰਨਤਾਰਨ ਰੋਡ ਵਿਚ ਸ਼ੋਅ ਕਰਨਗੇ। ਉਹ ਦੋਵੇਂ ਜ਼ਿਲ੍ਹਿਆਂ ਵਿਚ 6 ਥਾਵਾਂ 'ਤੇ ਰੋਡ ਸ਼ੋਅ ਕਰਨਗੇ। ਅੱਜ ਉਨ੍ਹਾਂ ਵੱਲੋਂ ਕੋਈ ਜਨਸਭਾ ਨਹੀਂ ਹੋਵੇਗੀ। ਅੱਜ ਦਿੱਲੀ ਤੇ ਹਰਿਆਣਾ ਵਿਚ ਵੋਟਿੰਗ ਹੋਵੇਗੀ ਜਿਸ ਦੇ ਬਾਅਦ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਵੀ ਪੰਜਾਬ ਵਿਚ ਸਰਗਰਮ ਹੋ ਜਾਣਗੇ। ਦੱਸ ਦੇਈਏ ਕਿ ਅੰਮ੍ਰਿਤਸਰ ਲੋਕ ਸਭਾ ਸੀਟ ਤੋਂ ਪਾਰਟੀ ਦੇ ਉਮੀਦਵਾਰ ਸੂਬਾ ਸਰਕਾਰ ਵਿਚ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਜਦੋਂ ਕਿ ਤਰਨਤਾਰਨ ਤੋਂ ਮੰਤਰੀ ਲਾਲਜੀਤ ਸਿੰਘ ਭੁੱਲਰ ਮੈਦਾਨ ਵਿਚ ਹਨ। ਸੀਐੱਮ ਮਾਨ ਅੰਮ੍ਰਿਤਸਰ ਤੇ ਤਰਨਤਾਰਨ ਜ਼ਿਲ੍ਹੇ ਵਿਚ ਕੁੱਲ 6 ਰੋਡ ਸ਼ੋਅ ਕਰਨਗੇ।ਪਹਿਲਾਂ ਉਹ ਅੰਮ੍ਰਿਤਸਰ ਜ਼ਿਲ੍ਹੇ ਦੇ ਰਾਜਾਸਾਂਸੀ ਵਿਧਾਨ ਸਭਾ ਖੇਤਰ ਵਿਚ ਰੋਡ ਸ਼ੋਅ ਕਰਨਗੇ। ਇਸ ਦੇ ਬਾਅਦ ਪਾਰਟੀ ਦੇ ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ ਦੇ ਵਿਧਾਨ ਸਭਾ ਹਲਕੇ ਵਿਚ ਅਜਨਾਲਾ ਵਿਚ ਰੋਡ ਸ਼ੋਅ ਹੋਵੇਗਾ। ਇਸ ਦੇ ਬਾਅਦ 3 ਵਜੇ ਉਹ ਹਲਕਾ ਖਡੂਰ ਸਾਹਿਬ ਦੇ ਜੰਡਿਆਲਾ, ਚਾਰ ਵਜੇ ਬਾਬਾ ਬਕਾਲਾ ਤੇ ਸ਼ਾਮ 5 ਵਜੇ ਤਰਨਤਾਰਨ ਵਿਚ ਰੋਡ ਸ਼ੋਅ ਕਰਨਗੇ।

# ਕੈਨੇਡਾ ’ਚ 16 ਖਿਡਾਰੀਆਂ ਨੂੰ ਦਰੜਨ ਵਾਲੇ ਟਰੱਕ ਡਰਾਈਵਰ ਜਸਕੀਰਤ ਸਿੰਘ ਸਿੱਧੂ ਨੂੰ ਦੇਸ਼ ਨਿਕਾਲੇ ਦੇ ਹੁਕਮ



ਹਮਬੋਲਟ ਬ੍ਰੋਕੋਸ ਜੂਨੀਅਰ ਹਾਕੀ ਟੀਮ ਦੀ ਬੱਸ ਨੂੰ ਘਾਤਕ ਟੱਕਰ ਮਾਰਨ ਵਾਲੇ ਟਰੱਕ ਡਰਾਈਵਰ ਜਸਕੀਰਤ ਸਿੰਘ ਸਿੱਧੂ ਨੂੰ ਦੇਸ਼ ਨਿਕਾਲਾ ਦੇਣ ਦਾ ਹੁਕਮ ਦਿੱਤਾ ਗਿਆ ਹੈ। ਇਹ ਫ਼ੈਸਲਾ ਅੱਜ ਸਵੇਰੇ ਕੈਲਗਰੀ ’ਚ ਇਮੀਗ੍ਰੇਸ਼ਨ ਤੇ ਰਫਿਊਜੀ ਬੋਰਡ ਦੀ ਸੁਣਵਾਈ ਦੌਰਾਨ ਜਸਕੀਰਤ ਸਿੰਘ ਸਿੱਧੂ ਦੇ ਹੱਕ ’ਚ ਆਇਆ।

ਸਿੱਧੂ ਦੇ ਵਕੀਲ ਮਾਈਕਲ ਗ੍ਰੀਨ ਨੇ ਕਿਹਾ ਹੈ ਕਿ ਇਹ ਫ਼ੈਸਲਾ ਪਹਿਲਾਂ ਤੋਂ ਲਿਆ ਗਿਆ ਸਿੱਟਾ ਸੀ ਕਿਉਂਕਿ ਸਿੱਧੂ ਨੂੰ ਡਿਪੋਰਟ ਕਰਨ ਲਈ ਸਿਰਫ਼ ਸਬੂਤ ਦੀ ਲੋੜ ਹੈ ਕਿ ਉਹ ਕੈਨੇਡੀਅਨ ਨਾਗਰਿਕ ਨਹੀਂ ਹੈ ਤੇ ਉਸ ਨੇ ਗੰਭੀਰ ਅਪਰਾਧ ਕੀਤਾ ਹੈ। ਸਿੱਧੂ ਭਾਰਤ ਤੋਂ ਹੈ ਤੇ ਕੈਨੇਡਾ ’ਚ ਸਥਾਈ ਨਿਵਾਸੀ ਹੈ। ਸਸਕੈਚਵਨ ’ਚ 2018 ’ਚ ਇਕ ਬੱਸ ਹਾਦਸੇ ’ਚ 16 ਲੋਕਾਂ ਦੀ ਮੌਤ ਹੋ ਗਈ ਸੀ ਤੇ 13 ਹੋਰ ਜ਼ਖ਼ਮੀ ਹੋਏ ਸਨ। ਸਿੱਧੂ ਨੂੰ ਖ਼ਤਰਨਾਕ ਡਰਾਈਵਿੰਗ ਲਈ 8 ਸਾਲ ਦੀ ਸਜ਼ਾ ਸੁਣਾਏ ਜਾਣ ਤੋਂ ਬਾਅਦ ਉਸ ਨੂੰ ਪੈਰੋਲ ਦਿੱਤੀ ਗਈ ਸੀ।

ਸਿੱਧੂ ਦੇ ਵਕੀਲ ਨੇ ਕਿਹਾ ਕਿ ਕਈ ਹੋਰ ਕਾਨੂੰਨੀ ਪ੍ਰਕਿਰਿਆਵਾਂ ਅਜੇ ਪੈਂਡਿੰਗ ਹਨ ਤੇ ਦੇਸ਼ ਨਿਕਾਲੇ ਦੀ ਪ੍ਰਕਿਰਿਆ ’ਚ ਕਈ ਮਹੀਨੇ ਜਾਂ ਸਾਲ ਲੱਗ ਸਕਦੇ ਹਨ। ਦਸੰਬਰ ’ਚ ਫੈਡਰਲ ਅਦਾਲਤ ਨੇ ਸਿੱਧੂ ਦੇ ਵਕੀਲਾਂ ਦੀ ਇਕ ਅਪੀਲ ਨੂੰ ਰੱਦ ਕਰ ਦਿੱਤਾ ਸੀ, ਜਿਸ ’ਚ ਦਲੀਲ ਦਿੱਤੀ ਗਈ ਸੀ ਕਿ ਸਰਹੱਦੀ ਅਧਿਕਾਰੀਆਂ ਨੇ ਸਿੱਧੂ ਦੇ ਪਿਛਲੇ ਸਾਫ਼ ਅਪਰਾਧਿਕ ਰਿਕਾਰਡ ਤੇ ਪਛਤਾਵੇ ਨੂੰ ਨਹੀਂ ਮੰਨਿਆ। ਉਹ ਚਾਹੁੰਦਾ ਸੀ ਕਿ ਅਦਾਲਤ ਬਾਰਡਰ ਏਜੰਸੀ ਨੂੰ ਦੂਜੀ ਸਮੀਖਿਆ ਕਰਨ ਦਾ ਹੁਕਮ ਦੇਵੇ।ਵਕੀਲ ਨੇ ਸ਼ੁੱਕਰਵਾਰ ਦੀ ਸੁਣਵਾਈ ਤੋਂ ਪਹਿਲਾਂ ਕਿਹਾ, “ਇਸ ਸਾਰੀ ਪ੍ਰਕਿਰਿਆ ਬਾਰੇ ਇਹ ਦੁਖਦਾਈ ਗੱਲ ਹੈ। ਅਸੀਂ ਅਜਿਹੀ ਸਥਿਤੀ ’ਚ ਫਸ ਗਏ ਹਾਂ, ਜਿਥੇ ਸਥਾਈ ਨਿਵਾਸੀਆਂ ਨੂੰ ਉਨ੍ਹਾਂ ਦੇ ਵਿਅਕਤੀਗਤ ਹਾਲਾਤ ’ਤੇ ਵਿਚਾਰ ਕਰਨ ਦਾ ਕੋਈ ਅਧਿਕਾਰ ਨਹੀਂ ਹੈ। ਸਾਡਾ ਇਕੋ ਇਕ ਰਸਤਾ ਇਹ ਹੈ ਕਿ ਉਸ ਨੂੰ ਦੇਸ਼ ਨਿਕਾਲਾ ਦਿੱਤੇ ਜਾਣ ਦੇ ਆਦੇਸ਼ ਦਿੱਤੇ ਜਾਣ ਤੋਂ ਬਾਅਦ ਅਸੀਂ ਉਨ੍ਹਾਂ ਨੂੰ ਮਨੁੱਖੀ ਆਧਾਰ ’ਤੇ ਉਸ ਦਾ ਸਥਾਈ ਨਿਵਾਸੀ ਦਰਜਾ ਵਾਪਸ ਦੇਣ ਲਈ ਕਹਾਂਗੇ ਪਰ ਇਸ ਦੌਰਾਨ ਉਸ ਦੀ ਕੋਈ ਸਥਿਤੀ ਨਹੀਂ ਹੈ।”

# ਕੈਨੇਡੀਅਨ ਨਾਗਰਿਕਾਂ ਦੇ ਵਿਦੇਸ਼ਾਂ ’ਚ ਪੈਦਾ ਹੋਏ ਬੱਚਿਆਂ ਨੂੰ ਮਿਲੇਗੀ 'ਸਿਟੀਜ਼ਨਸ਼ਿਪ'

ਕੈਨੇਡਾ ਸਰਕਾਰ ਨੇ ਆਪਣੇ ਨਾਗਰਿਕਾਂ ਲਈ ਅਹਿਮ ਐਲਾਨ ਕੀਤਾ ਹੈ। ਐਲਾਨ ਮੁਤਾਬਕ ਕੈਨੇਡੀਅਨ ਨਾਗਰਿਕਾਂ ਦੇ ਵਿਦੇਸ਼ਾਂ ਵਿਚ ਜੰਮੇ ਬੱਚਿਆਂ ਨੂੰ ਮੁੜ ਸਥਾਨਕ ਸਿਟੀਜ਼ਨਸ਼ਿਪ ਦਾ ਹੱਕ ਦਿੱਤਾ ਜਾ ਰਿਹਾ ਹੈ ਜੋ 2009 ਵਿਚ ਸਟੀਫਨ ਹਾਰਪਰ ਦੀ ਅਗਵਾਈ ਵਾਲੀ ਕੰਜ਼ਰਵੇਟਿਵ ਸਰਕਾਰ ਨੇ ਖੋਹ ਲਿਆ ਸੀ। ਹਾਊਸ ਆਫ ਕਾਮਨਜ਼ ਵਿਚ ਬਿੱਲ ਪੇਸ਼ ਕਰਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਕਿਹਾ ਕਿ ਕੈਨੇਡਾ ਹਮੇਸ਼ਾ ਤੋਂ ਮਨੁੱਖੀ ਹੱਕਾਂ, ਬਰਾਬਰੀ ਅਤੇ ਸਭਨਾਂ ਦੇ ਸਤਿਕਾਰ ਦੀ ਕਦਰ ਕਰਦਾ ਆਇਆ ਹੈ ਅਤੇ ਇਸ ਦੇ ਤਹਿਤ ਉਨ੍ਹਾਂ ਬੱਚਿਆਂ ਨੂੰ ਕੈਨੇਡੀਅਨ ਨਾਗਰਿਕ ਬਣਨ ਦਾ ਹੱਕ ਹੈ ਜੋ 2009 ਤੋਂ ਬਾਅਦ ਵਿਦੇਸ਼ਾਂ ਵਿਚ ਪੈਦਾ ਹੋਏ।




ਕੈਨੇਡੀਅਨ ਨਾਗਰਿਕ ਬਣ ਚੁੱਕੇ ਪਰ ਵਿਦੇਸ਼ਾਂ ਵਿਚ ਜੰਮੇ ਮਾਪਿਆਂ ਲਈ ਲਾਜ਼ਮੀ ਹੋਵੇਗਾ ਕਿ ਬੱਚੇ ਦੇ ਜਨਮ ਤੋਂ ਪਹਿਲਾਂ ਉਨ੍ਹਾਂ ਨੇ ਘੱਟੋ-ਘੱਟ ਤਿੰਨ ਸਾਲ ਕੈਨੇਡਾ ਵਿਚ ਗੁਜ਼ਾਰੇ ਹੋਣ। ਫੈਡਰਲ ਸਰਕਾਰ ਨੂੰ ਫਿਲਹਾਲ ਕੋਈ ਅੰਦਾਜ਼ਾ ਨਹੀਂ ਕਿ ਸਿਟੀਜ਼ਨਸ਼ਿਪ ਦਾ ਨਵਾਂ ਕਾਨੂੰਨ ਪਾਸ ਹੋਣ ਮਗਰੋਂ ਕਿੰਨੇ ਜਣੇ ਕੈਨੇਡੀਅਨ ਨਾਗਰਿਕ ਬਣ ਜਾਣਗੇ। ਇਮੀਗ੍ਰੇਸ਼ਨ ਮੰਤਰੀ ਨੇ ਕਿਹਾ ਕਿ ਨਵਾਂ ਕਾਨੂੰਨ ਲਾਗੂ ਹੋਣ ਮਗਰੋਂ ਵਿਦੇਸ਼ਾਂ ਵਿਚ ਪੈਦਾ ਹੋਣ ਵਾਲੇ ਬੱਚਿਆਂ ਲਈ ਇਕ ਟੈਸਟ ਰੱਖਿਆ ਜਾਵੇਗਾ। ਇਥੇ ਦੱਸਣਾ ਬਣਦਾ ਹੈ ਕਿ 2009 ਵਿਚ ਕੰਜ਼ਰਵੇਟਿਵ ਸਰਕਾਰ ਨੇ ਕਾਨੂੰਨ ਵਿਚ ਤਬਦੀਲੀ ਕਰਦਿਆਂ ਕੈਨੇਡੀਅਨ ਨਾਗਰਿਕਾਂ ਦਾ ਬੱਚਾ ਵਿਦੇਸ਼ ਵਿਚ ਪੈਦਾ ਹੋਣ ’ਤੇ ਉਸ ਨੂੰ ਨਾਗਰਿਕਤਾ ਦੇ ਹੱਕ ਤੋਂ ਵਾਂਝਾ ਕਰ ਦਿੱਤਾ। ਕਾਨੂੰਨ ਵਿਚ ਕੀਤੀ ਸੋਧ ਨੂੰ ‘ਲੌਸਟ ਕੈਨੇਡੀਅਨਜ਼’ ਵਜੋਂ ਜਾਣਿਆ ਗਿਆ ਪਰ ਕੁਝ ਜਥੇਬੰਦੀਆਂ ਨੇ ਇਸ ਦਾ ਵਿਰੋਧ ਕਰਦਿਆਂ ਅਦਾਲਤ ਵਿਚ ਅਪੀਲ ਦਾਇਰ ਕਰ ਦਿਤੀ। ਪਿਛਲੇ ਸਾਲ ਓਂਟਾਰੀਓ ਦੀ ਸੁਪੀਰੀਅਰ ਕੋਰਟ ਨੇ ਕੰਜ਼ਰਵੇਟਿਵ ਸਰਕਾਰ ਦੇ ਕਦਮ ਨੂੰ ਗੈਰਸੰਵਿਧਾਨਕ ਕਰਾਰ ਦਿੰਦਿਆਂ ਕਿਹਾ ਕਿ ਇਸ ਤਰੀਕੇ ਨਾਲ ਕੈਨੇਡੀਅਨ ਨਾਗਰਿਕ ਦੋ ਵਰਗਾਂ ਵਿਚ ਵੰਡੇ ਜਾਣਗੇ।ਅਦਾਲਤ ਨੇ ਫੈਡਰਲ ਸਰਕਾਰ ਨੂੰ ਮਸਲਾ ਹੱਲ ਕਰਨ ਲਈ 19 ਜੂਨ, 2024 ਤੱਕ ਦਾ ਸਮਾਂ ਦਿੱਤਾ, ਜਿਸ ਦੇ ਮੱਦੇਨਜ਼ਰ ਲਿਬਰਲ ਸਰਕਾਰ ਵੱਲੋਂ ਨਵਾਂ ਬਿੱਲ ਪੇਸ਼ ਕੀਤਾ ਗਿਆ।

ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਕਿਹਾ ਕਿ ਬਿਨਾਂ ਸ਼ੱਕ ਕੈਨੇਡੀਅਨ ਸਿਟੀਜ਼ਨਸ਼ਿਪ ਦੀ ਅਹਿਮੀਅਤ ਬਹੁਤ ਜ਼ਿਆਦਾ ਹੈ ਅਤੇ ਪੂਰੀ ਦੁਨੀਆ ਇਸ ਨੂੰ ਮੰਨਦੀ ਹੈ। ਲਿਬਰਲ ਸਰਕਾਰ ਚਾਹੁੰਦੀ ਹੈ ਕਿ ਸਿਟੀਜ਼ਨਸ਼ਿਪ ਹਾਸਲ ਕਰਨ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਨਿਰਪੱਖ ਅਤੇ ਪਾਰਦਰਸ਼ੀ ਹੋਵੇ। ਕੰਜ਼ਰਵੇਟਿਵ ਪਾਰਟੀ ਨੂੰ ਘੇਰਦਿਆਂ ਉਨ੍ਹਾਂ ਆਖਿਆ ਕਿ ਟੋਰੀਆਂ ਨੇ ਕੈਨੇਡਾ ਵਾਸੀਆਂ ਦੇ ਹੱਕ ਖੋਹਣ ਦੀ ਮਿਸਾਲ ਪੇਸ਼ ਕੀਤੀ ਅਤੇ ਉਨ੍ਹਾਂ ਨੂੰ ਆਪਣੇ ਦਿਲ ਦੇ ਟੁਕੜਿਆਂ ਤੋਂ ਦੂਰ ਕਰ ਦਿੱਤਾ।

ਇਸੇ ਦੌਰਾਨ ਐਨ.ਡੀ.ਪੀ. ਦੀ ਇਮੀਗ੍ਰੇਸ਼ਨ ਮਾਮਲਿਆਂ ਬਾਰੇ ਆਲੋਚਕ ਜੈਨੀ ਕਵੈਨ ਨੇ ਕਿਹਾ ਕਿ 2009 ਵਿਚ ਹੋਈਆਂ ਤਬਦੀਲੀਆਂ ਦਾ ਪਰਿਵਾਰਾਂ ’ਤੇ ਵੱਡਾ ਅਸਾਰ ਪਿਆ। ਉਨ੍ਹਾਂ ਪਰਿਵਾਰਾਂ ਦਾ ਦਰਦ ਸਮਝਣਾ ਮੁਸ਼ਕਲ ਹੈ ਜਿਨ੍ਹਾਂ ਨੂੰ ਆਪਣੇ ਬੱਚਿਆਂ ਤੋਂ ਵੱਖ ਹੋਣਾ ਪਿਆ ਪਰ ਹੁਣ 15 ਸਾਲ ਬਾਅਦ ਆਸ ਦੀ ਨਵੀਂ ਕਿਰਨ ਨਜ਼ਰ ਆ ਰਹੀ ਹੈ। ਜੈਨੀ ਕਵੈਨ ਨੇ ਦੱਸਿਆ ਕਿ ਨਵੇਂ ਬਿੱਲ ਦਾ ਖਰੜਾ ਤਿਆਰ ਕਰਨ ਵਿਚ ਉਨ੍ਹਾਂ ਵੱਲੋਂ ਲਿਬਰਲ ਪਾਰਟੀ ਦੀ ਮਦਦ ਕੀਤੀ ਗਈ। ਦੂਜੇ ਪਾਸੇ ਕੰਜ਼ਰਵੇਟਿਵ ਪਾਰਟੀ ਵੱਲੋਂ ਤਾਜ਼ਾ ਘਟਨਾਕ੍ਰਮ ਬਾਰੇ ਕੋਈ ਟਿੱਪਣੀ ਨਹੀਂ ਕੀਤੀ ਗਈ। ਦੱਸ ਦੇਈਏ ਕਿ ਫੈਡਰਲ ਸਰਕਾਰ ਨਵਾਂ ਬਿੱਲ ਲਿਆਉਣ ਲਈ ਅਦਾਲਤ ਤੋਂ ਹੋਰ ਸਮਾਂ ਮੰਗ ਸਕਦੀ ਸੀ ਪਰ ਇਮੀਗ੍ਰੇਸ਼ਨ ਮੰਤਰੀ ਨੇ ਕਿਹਾ ਕਿ ਉਹ ਪ੍ਰਭਾਵਤ ਪਰਿਵਾਰਾਂ ਨੂੰ ਹੋਰ ਜ਼ਿਆਦਾ ਉਡੀਕ ਨਹੀਂ ਕਰਵਾਉਣਾ ਚਾਹੁੰਦੇ।

# ਭਾਰਤੀ-ਅਮਰੀਕੀ ਸੰਸਦ ਮੈਂਬਰ 'ਥਾਣੇਦਾਰ' ਦਾ ਵਿਰੋਧੀ ਪ੍ਰਾਇਮਰੀ ਲਈ ਅਯੋਗ ਐਲਾਨ



ਭਾਰਤੀ-ਅਮਰੀਕੀ ਸੰਸਦ ਮੈਂਬਰ ਸ੍ਰੀ ਥਾਣੇਦਾਰ ਦੀ ਪ੍ਰਤੀਨਿਧ ਸਭਾ ਲਈ ਚੋਣ ਮੁਹਿੰਮ ਨੂੰ ਵੱਡਾ ਹੁਲਾਰਾ ਮਿਲਿਆ ਹੈ ਕਿਉਂਕਿ ਉਨ੍ਹਾਂ ਦੇ ਮੁੱਖ ਵਿਰੋਧੀ ਐਡਮ ਹੋਲੀਅਰ ਨੂੰ ਵੋਟਰਾਂ ਦੇ ਲੋੜੀਂਦੇ ਯੋਗ ਹਸਤਾਖਰ ਨਾ ਮਿਲਣ ਕਾਰਨ ਪ੍ਰਾਇਮਰੀ ਦੌੜ ਲਈ ਅਯੋਗ ਕਰਾਰ ਦੇ ਦਿੱਤਾ ਗਿਆ ਹੈ। ਵੇਨ ਕਾਉਂਟੀ ਕਲਰਕ ਕੈਥੀ ਗੈਰੇਟ ਨੇ ਇਸ ਹਫ਼ਤੇ ਸ਼ੈਰਿਫ ਨੂੰ ਇੱਕ ਪੱਤਰ ਵਿੱਚ ਲਿਖਿਆ,"ਮੈਂ ਸਟਾਫ ਦੀ ਸਿਫ਼ਾਰਿਸ਼ ਦੇ ਬਾਅਦ ਇਸ ਸਿੱਟੇ 'ਤੇ ਪਹੁੰਚਿਆ ਹਾਂ ਕਿ ਨਾਮਜ਼ਦਗੀ ਪਟੀਸ਼ਨਾਂ ਦੀ ਗਿਣਤੀ ਘੱਟ ਹੋਣ ਕਾਰਨ ਐਡਮ ਹੋਲੀਅਰ ਦਾ ਨਾਮ ਯੂ.ਐਸ. ਪ੍ਰਤੀਨਿਧੀ ਸਭਾ ਤੋਂ 13ਵੇਂ ਜ਼ਿਲ੍ਹੇ ਲਈ 6 ਅਗਸਤ, 2024 ਨੂੰ ਹੋਣ ਵਾਲੀ ਪ੍ਰਾਇਮਰੀ ਲਈ ਸ਼ਾਮਲ ਨਹੀਂ ਕੀਤਾ ਜਾ ਸਕਦਾ।" ਗੈਰੇਟ ਦੇ ਸਟਾਫ ਨੇ ਇੱਕ ਰਿਪੋਰਟ ਵਿੱਚ ਕਿਹਾ ਕਿ ਹੋਲੀਅਰ ਨੇ 1,553 ਵੋਟਰਾਂ ਦੇ ਦਸਤਖ਼ਤ ਜਮ੍ਹਾਂ ਕਰਵਾਏ ਸਨ। ਰਿਪੋਰਟ ਅਨੁਸਾਰ ਇਨ੍ਹਾਂ ਵਿੱਚੋਂ ਸਿਰਫ਼ 863 ਹੀ ਜਾਇਜ਼ ਪਾਏ ਗਏ ਜਦਕਿ ਵੋਟਰਾਂ ਦੇ 1000 ਜਾਇਜ਼ ਦਸਤਖ਼ਤ ਹੋਣੇ ਚਾਹੀਦੇ ਸਨ। ਥਾਣੇਦਾਰ ਨੇ 575 ਦਸਤਖਤਾਂ ਨੂੰ ਚੁਣੌਤੀ ਦਿੱਤੀ ਸੀ। ਸਟਾਫ ਦੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇਨ੍ਹਾਂ ਵਿੱਚੋਂ ਬਹੁਤ ਸਾਰੇ ਦਸਤਖ਼ਤਾਂ ਵਿੱਚ ਇੱਕ ਸਮਾਨ ਲਿਖਤ ਸੀ, ਜੋ ਸਪੱਸ਼ਟ ਤੌਰ 'ਤੇ ਦਰਸਾਉਂਦੀ ਹੈ ਕਿ ਉਹ ਅਸਲ ਨਹੀਂ ਸਨ। ਥਾਣੇਦਾਰ ਨੂੰ 2022 ਵਿੱਚ ਪਹਿਲੀ ਵਾਰ ਅਮਰੀਕੀ ਪ੍ਰਤੀਨਿਧੀ ਸਭਾ ਲਈ ਚੁਣਿਆ ਗਿਆ ਸੀ। ਉਹ ਪ੍ਰਤੀਨਿਧੀ ਸਭਾ ਦੇ ਮੈਂਬਰ ਵਜੋਂ ਇੱਕ ਹੋਰ ਕਾਰਜਕਾਲ ਚਾਹੁੰਦੇ ਹਨ। ਉਸਨੇ ਹੋਲੀਅਰ ਦੀ ਨਾਮਜ਼ਦਗੀ ਪ੍ਰਕਿਰਿਆ ਨੂੰ ਚੁਣੌਤੀ ਦਿੱਤੀ ਕਿਉਂਕਿ ਉਸਨੇ ਵੋਟਰਾਂ ਦੇ ਯੋਗ ਦਸਤਖ਼ਤਾਂ ਦੀ ਕਾਫੀ ਗਿਣਤੀ ਜਮ੍ਹਾ ਨਹੀਂ ਕੀਤੀ ਸੀ। ਸ੍ਰੀ ਥਾਣੇਦਾਰ ਡੈਮੋਕਰੇਟਿਕ ਪਾਰਟੀ ਦੇ ਮੈਂਬਰ ਹਨ।

# ਭਾਰਤੀ-ਅਮਰੀਕੀ ਕੌਲ ਨੇ ਜੁਟਾਏ 10 ਲੱਖ ਅਮਰੀਕੀ ਡਾਲਰ




ਅਮਰੀਕੀ ਸੰਸਦ ਲਈ ਚੋਣ ਲੜ ਰਹੀ ਪੰਜਾਬੀ ਅਤੇ ਕਸ਼ਮੀਰੀ ਮੂਲ ਦੀ ਭਾਰਤੀ-ਅਮਰੀਕੀ ਕ੍ਰਿਸਟਲ ਕੌਲ ਨੇ ਆਪਣੀ ਚੋਣ ਮੁਹਿੰਮ ਲਈ 10 ਲੱਖ ਅਮਰੀਕੀ ਡਾਲਰ ਦੀ ਰਾਸ਼ੀ ਇਕੱਠੀ ਕੀਤੀ ਹੈ। ਪਹਿਲੀ ਵਾਰ ਚੋਣ ਲੜ ਰਹੇ ਬਹੁਤ ਘੱਟ ਆਗੂ ਇੰਨੀ ਰਕਮ ਇਕੱਠੀ ਕਰ ਸਕੇ ਹਨ। ਕੌਲ ਦੀ ਚੋਣ ਮੁਹਿੰਮ ਟੀਮ ਨੇ 10 ਲੱਖ ਅਮਰੀਕੀ ਡਾਲਰ ਜੁਟਾਉਣ ਦਾ ਐਲਾਨ ਕੀਤਾ। ਇਸ ਘੋਸ਼ਣਾ ਤੋਂ ਬਾਅਦ ਕੌਲ ਨੇ ਕਿਹਾ, "ਉੱਤਮਤਾ ਲਈ ਮੇਰੇ ਸਮਰਪਣ ਨੇ ਮੈਨੂੰ ਸੀ.ਆਈ.ਏ (ਸੈਂਟਰਲ ਇੰਟੈਲੀਜੈਂਸ ਏਜੰਸੀ) ਤੋਂ ਲੈ ਕੇ ਯੂ.ਐਸ ਸੈਂਟਰਲ ਕਮਾਂਡ ਅਤੇ ਪੈਂਟਾਗਨ ਤੱਕ ਆਪਣੇ ਪੂਰੇ ਕੈਰੀਅਰ ਵਿੱਚ ਲਗਾਤਾਰ ਰੁਕਾਵਟਾਂ ਨੂੰ ਪਾਰ ਕਰਨ ਲਈ ਪ੍ਰੇਰਿਤ ਕੀਤਾ ਹੈ। ਮੈਂ ਰੱਖਿਆ ਮੰਤਰਾਲੇ ਵਿੱਚ ਸਭ ਤੋਂ ਘੱਟ ਉਮਰ ਦੇ ਨਿਰਦੇਸ਼ਕਾਂ ਵਿੱਚੋਂ ਇੱਕ ਬਣ ਗਈ।'' ਉਸ ਨੇ ਕਿਹਾ, ''ਮੈਨੂੰ ਅਕਸਰ ਕਿਹਾ ਜਾਂਦਾ ਸੀ ਕਿ ਮੈਂ ਅਜਿਹਾ ਨਹੀਂ ਕਰ ਸਕਾਂਗੀ ਪਰ ਮੈਂ ਇਹ ਕਰ ਦਿੱਤਾ।'' ਇੱਥੇ ਦੱਸ ਦਈਏ ਕਿ ਕਸ਼ਮੀਰੀ ਮੂਲ ਦੀ ਪੰਜਾਬੀ ਕੌਲ ਵਰਜੀਨੀਆ ਤੋਂ ਅਮਰੀਕਾ ਦੀ ਪ੍ਰਤੀਨਿਧੀ ਹੈ। 10ਵੀਂ ਵਿਧਾਨ ਸਭਾ ਚੋਣਾਂ ਲੜ ਰਹੇ ਹਨ। ਜੇਕਰ ਕੌਲ ਚੋਣ ਜਿੱਤ ਜਾਂਦੇ ਹਨ ਤਾਂ ਉਹ ਵਾਸ਼ਿੰਗਟਨ ਦੀ ਸੰਸਦ ਮੈਂਬਰ ਪ੍ਰਮਿਲਾ ਜੈਪਾਲ ਤੋਂ ਬਾਅਦ ਪ੍ਰਤੀਨਿਧੀ ਸਭਾ ਲਈ ਚੁਣੀ ਜਾਣ ਵਾਲੀ ਦੂਜੀ ਭਾਰਤੀ-ਅਮਰੀਕੀ ਮਹਿਲਾ ਹੋਵੇਗੀ।

# ਪਾਪੂਆ ਨਿਊ ਗਿਨੀ 'ਚ ਜ਼ਮੀਨ ਖਿਸਕਣ ਕਾਰਨ ਮਰਨ ਵਾਲੇ ਲੋਕਾਂ ਦੀ ਗਿਣਤੀ 300 ਤੋਂ ਪਾਰ

ਬੀਤੇ ਦਿਨੀਂ ਉੱਤਰੀ ਪਾਪੂਆ ਨਿਊ ਗਿਨੀ ਵਿੱਚ ਭਿਆਨਕ ਜ਼ਮੀਨ ਖਿਸਕਣ ਕਾਰਨ 100 ਲੋਕਾਂ ਦੇ ਮੌਤ ਹੋ ਜਾਣ ਦੀ ਸੂਚਨਾ ਮਿਲੀ ਸੀ। ਹੁਣ ਇਸ ਹਾਸਦੇ ਵਿਚ ਮਰਨ ਵਾਲਿਆਂ ਦੀ ਗਿਣਤੀ 300 ਨੂੰ ਪਾਰ ਕਰ ਗਈ ਹੈ। ਸਮਾਚਾਰ ਏਜੰਸੀ ਸਿਨਹੂਆ ਦੀ ਰਿਪੋਰਟ ਅਨੁਸਾਰ, ਐਂਗਾ ਸੂਬੇ ਦੇ ਇਕ ਸੰਸਦ ਮੈਂਬਰ ਅਮੋਸ ਅਕੇਮ ਨੇ ਪੀਐੱਨਜੀ ਪੋਸਟ-ਕੁਰੀਅਰ ਨੂੰ ਦੱਸਿਆ ਕਿ ਮੈਪ ਮੁਰੀਤਾਕਾ ਪੇਂਡੂ ਐੱਲਐੱਲਜੀ ਵਿੱਚ ਜ਼ਮੀਨ ਖਿਸਕਣ ਨਾਲ 300 ਤੋਂ ਵੱਧ ਲੋਕ ਮਾਰੇ ਗਏ ਹਨ।ਇਸ ਦੇ ਨਾਲ ਹੀ ਇਸ ਭਿਆਨਕ ਜ਼ਮੀਨ ਖਿਸਕਣ ਵਿਚ 1,182 ਘਰ ਮਲਬੇ ਹੇਠਾਂ ਦੱਬ ਗਏ ਹਨ। ਸ਼ੁੱਕਰਵਾਰ ਨੂੰ ਸਥਾਨਕ ਸਮੇਂ ਅਨੁਸਾਰ ਕਰੀਬ 3.00 ਵਜੇ ਪੀਐੱਨਜੀ ਦੀ ਰਾਜਧਾਨੀ ਪੋਰਟ ਮੋਰੇਸਬੀ ਤੋਂ 600 ਕਿਲੋਮੀਟਰ ਉੱਤਰ-ਪੱਛਮ ਵਿੱਚ ਸਥਿਤ ਏਂਗਾ ਸੂਬੇ ਦੇ ਕਾਓਕਲਾਮ ਪਿੰਡ ਵਿੱਚ ਇੱਕ ਵਿਸ਼ਾਲ ਜ਼ਮੀਨ ਖਿਸਕਣ ਨਾਲ ਤਬਾਹੀ ਮਚ ਗਈ। ਇਸ 'ਚ ਕਰੀਬ 100 ਲੋਕਾਂ ਦੇ ਮਾਰੇ ਜਾਣ ਦੀ ਪਹਿਲਾਂ ਖ਼ਬਰ ਮਿਲੀ ਸੀ ਪਰ ਹੁਣ ਇਹ ਅੰਕੜਾ 300 ਹੋ ਗਿਆ ਹੈ। ਜ਼ਮੀਨ ਖਿਸਕਣ ਨਾਲ ਪੋਰਗੇਰਾ ਸੋਨੇ ਦੀ ਖਾਨ ਨੇੜੇ ਹਾਈਵੇਅ ਦਾ ਇੱਕ ਹਿੱਸਾ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਗਿਆ।ਇਸ ਦਾ ਸੰਚਾਲਨ ਬੈਰਿਕ ਗੋਲਡ ਦੁਆਰਾ ਬੈਰਿਕ ਨਿਉਗਿਨੀ ਲਿਮਿਟੇਡ ਰਾਹੀਂ ਕੀਤਾ ਜਾਂਦਾ ਹੈ। ਇਹ ਚੀਨ ਦੀ ਜ਼ਿਜਿਨ ਮਾਈਨਿੰਗ ਨਾਲ ਸਾਂਝਾ ਉੱਦਮ ਹੈ। ਤੁਹਾਨੂੰ ਦੱਸ ਦੇਈਏ ਕਿ ਪਾਪੂਆ ਨਿਊ ਗਿਨੀ ਦੀ ਆਬਾਦੀ ਲਗਭਗ 1 ਕਰੋੜ ਹੈ। ਇਹ ਆਸਟ੍ਰੇਲੀਆ ਤੋਂ ਬਾਅਦ ਸਭ ਤੋਂ ਵੱਧ ਆਬਾਦੀ ਵਾਲਾ ਦੱਖਣੀ ਪ੍ਰਸ਼ਾਂਤ ਦੇਸ਼ ਹੈ। ਆਸਟ੍ਰੇਲੀਆ ਦੀ ਆਬਾਦੀ 2 ਕਰੋੜ 70 ਲੱਖ ਹੈ।



# ਅਸੀ ਫਾਈਨਲ ਦਾ ਟੀਚਾ ਲੈ ਕੇ ਉਤਰੇ ਸੀ ਪੈਟ ਕਮਿੰਸ




ਪੈਟ ਕਮਿੰਸ ਦੀ ਕਪਤਾਨੀ 'ਚ ਸਨਰਾਈਜ਼ਰਸ ਹੈਦਰਾਬਾਦ ਨੇ ਇਤਿਹਾਸ ਦੁਹਰਾਉਂਦੇ ਹੋਏ 2018 ਤੋਂ ਬਾਅਦ ਪਹਿਲੀ ਵਾਰ ਫਾਈਨਲ 'ਚ ਜਗ੍ਹਾ ਬਣਾਈ ਹੈ। ਹੁਣ ਉਨ੍ਹਾਂ ਦਾ ਸਾਹਮਣਾ 26 ਮਈ ਨੂੰ ਕੋਲਕਾਤਾ ਨਾਈਟ ਰਾਈਡਰਜ਼ ਨਾਲ ਹੋਵੇਗਾ। ਹੈਦਰਾਬਾਦ ਨੇ ਚੇਪਾਕ ਸਟੇਡੀਅਮ, ਚੇਨਈ ਵਿੱਚ ਰਾਜਸਥਾਨ ਰਾਇਲਜ਼ ਦੇ ਖਿਲਾਫ ਖੇਡੇ ਗਏ ਕੁਆਲੀਫਾਇਰ 2 ਮੈਚ ਨੂੰ 36 ਦੌੜਾਂ ਨਾਲ ਜਿੱਤ ਲਿਆ। ਪਹਿਲਾਂ ਖੇਡਦਿਆਂ ਹੈਦਰਾਬਾਦ ਨੇ ਹੇਨਰਿਕ ਕਲਾਸੇਨ ਦੇ ਅਰਧ ਸੈਂਕੜੇ ਦੀ ਬਦੌਲਤ 175 ਦੌੜਾਂ ਬਣਾਈਆਂ ਸਨ, ਜਿਸ ਦੇ ਜਵਾਬ ਵਿੱਚ ਰਾਜਸਥਾਨ ਦੀ ਟੀਮ ਸਿਰਫ਼ 139 ਦੌੜਾਂ ਹੀ ਬਣਾ ਸਕੀ। ਕਮਿੰਸ ਨੇ ਫਾਈਨਲ 'ਚ ਪਹੁੰਚਣ ਤੋਂ ਬਾਅਦ ਟੀਮ 'ਚ ਬਦਲਾਅ 'ਤੇ ਚਰਚਾ ਕੀਤੀ। ਫਾਈਨਲ ਮੈਚ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਫਾਈਨਲ ਹਮੇਸ਼ਾ ਹੀ ਮਜ਼ੇਦਾਰ ਹੁੰਦਾ ਹੈ। ਕਈ ਵਾਰ ਟੀਚੇ ਔਖੇ ਹੋ ਜਾਂਦੇ ਹਨ। ਅੱਜ ਦੀ ਤਰ੍ਹਾਂ, ਸ਼ੁਰੂਆਤੀ ਵਿਕਟਾਂ ਦੀ ਜ਼ਰੂਰਤ ਸੀ ਅਤੇ ਅਸੀਂ ਉਨ੍ਹਾਂ ਨੂੰ ਹਾਸਲ ਕਰ ਲਿਆ। ਉਥੇ ਹੀ ਤ੍ਰੇਲ 'ਤੇ ਕਮਿੰਸ ਨੇ ਕਿਹਾ ਕਿ ਮੈਂ ਇਹ ਜਾਣਨ ਦਾ ਕਦੇ ਦਿਖਾਵਾ ਨਹੀਂ ਕਰਾਂਗਾ ਕਿ ਇਹ ਕਿਵੇਂ ਕੰਮ ਕਰਦਾ ਹੈ। ਇਸ ਦੇ ਨਾਲ ਹੀ ਫ੍ਰੈਂਚਾਇਜ਼ੀ 'ਤੇ ਉਨ੍ਹਾਂ ਕਿਹਾ ਕਿ ਸਾਡੇ ਕੋਲ 60-70 ਲੋਕ ਫਰੈਂਚਾਇਜ਼ੀ ਹਨ, ਜਿਨ੍ਹਾਂ ਨੇ ਆਪਣੇ ਦਿਲ ਅਤੇ ਆਤਮਾ ਦਾ ਨਿਵੇਸ਼ ਕੀਤਾ ਹੈ। ਉਮੀਦ ਹੈ ਕਿ ਅਸੀਂ ਖ਼ਿਤਾਬ ਲੈ ਕੇ ਆਵਾਂਗੇ।ਹੈਦਰਾਬਾਦ ਹੁਣ ਤੱਕ ਤਿੰਨ ਵਾਰ ਆਈਪੀਐੱਲ ਫਾਈਨਲ ਵਿੱਚ ਪਹੁੰਚ ਚੁੱਕਾ ਹੈ। ਹੈਦਰਾਬਾਦ ਨੇ 2016 ਵਿੱਚ ਆਰਸੀਬੀ ਨੂੰ ਹਰਾ ਕੇ ਪਹਿਲੀ ਵਾਰ ਆਈਪੀਐੱਲ ਖ਼ਿਤਾਬ ਜਿੱਤਿਆ ਸੀ। ਇਸ ਤੋਂ ਬਾਅਦ 2018 'ਚ ਉਹ ਇਕ ਵਾਰ ਫਿਰ ਫਾਈਨਲ 'ਚ ਪਹੁੰਚਿਆ ਜਿੱਥੇ ਉਸ ਨੂੰ ਚੇਨਈ ਸੁਪਰ ਕਿੰਗਜ਼ ਦੇ ਹੱਥੋਂ ਹਾਰ ਦਾ ਸਾਹਮਣਾ ਕਰਨਾ ਪਿਆ।

ਉਸ ਨੇ ਕਿਹਾ ਕਿ ਅਸੀਂ ਜਿਸ ਤਰ੍ਹਾਂ ਖੇਡਿਆ ਤੁਸੀਂ ਇਸ ਨੂੰ ਦੇਖਿਆ ਹੈ। ਫਾਈਨਲ ਟੀਚਾ ਸੀ ਅਤੇ ਅਸੀਂ ਇਸ ਨੂੰ ਹਾਸਲ ਕਰ ਲਿਆ ਹੈ।ਕਮਿੰਸ ਨੇ ਕਿਹਾ ਕਿ ਸਾਨੂੰ ਪਤਾ ਸੀ ਕਿ ਸਾਡੀ ਤਾਕਤ ਬੱਲੇਬਾਜ਼ੀ ਹੈ ਪਰ ਅਸੀਂ ਟੀਮ 'ਚ ਨੱਟੂ, ਉਨਾਦਕਟ ਅਤੇ ਭੁਵੀ ਦੇ ਅਨੁਭਵ ਨੂੰ ਘੱਟ ਨਹੀਂ ਸਮਝਾਂਗੇ। ਸ਼ਾਹਬਾਜ਼ ਨੂੰ ਪ੍ਰਭਾਵੀ ਖਿਡਾਰੀ ਦੇ ਤੌਰ 'ਤੇ ਫੀਲਡਿੰਗ ਕਰਨ 'ਤੇ ਉਸ ਨੇ ਕਿਹਾ ਕਿ ਇਹ ਵਿਟੋਰੀ ਦੀ ਪਸੰਦ ਸੀ, ਉਹ ਆਪਣੇ ਖੱਬੇ ਹੱਥ ਦੇ ਸਪਿਨਰਾਂ ਨੂੰ ਪਸੰਦ ਕਰਦਾ ਹੈ। ਇਸ ਦੇ ਨਾਲ ਹੀ ਜਦੋਂ ਅਭਿਸ਼ੇਕ ਸ਼ਰਮਾ ਨੂੰ ਚਾਰ ਓਵਰ ਕਰਨ 'ਤੇ ਉਨ੍ਹਾਂ ਨੇ ਕਿਹਾ ਕਿ ਮੈਨੂੰ ਲੱਗਾ ਕਿ ਉਹ ਪਕੜ ਬਣਾ ਰਹੇ ਹਨ, ਇਸ ਲਈ ਉਸ ਨੂੰ ਗੇਂਦਬਾਜ਼ੀ ਦਿੱਤੀ।

# ਹੈਦਰਾਬਾਦ ਨੇ ਕੀਤਾ 'ਰਾਇਲਜ਼' ਦਾ ਸ਼ਿਕਾਰ, ਹੁਣ ਫਾਈਨਲ 'ਚ ਕੋਲਕਾਤਾ ਨਾਲ ਹੋਵੇਗੀ 'ਖ਼ਿਤਾਬੀ ਜੰਗ'

ਚੇਨਈ ਦੇ ਐੱਮ.ਏ. ਚਿਦਾਂਬਰਮ ਸਟੇਡੀਅਮ 'ਚ ਸਨਰਾਈਜ਼ਰਜ਼ ਹੈਦਰਾਬਾਦ ਤੇ ਰਾਜਸਥਾਨ ਰਾਇਲਜ਼ ਵਿਚਾਲੇ ਖੇਡੇ ਗਏ ਆਈ.ਪੀ.ਐੱਲ. ਦੇ ਦੂਜੇ ਕੁਆਲੀਫਾਇਰ ਮੁਕਾਬਲੇ 'ਚ ਹੈਦਰਾਬਾਦ ਨੇ ਰਾਜਸਥਾਨ ਨੂੰ 36 ਦੌੜਾਂ ਨਾਲ ਹਰਾ ਕੇ ਫਾਈਨਲ 'ਚ ਜਗ੍ਹਾ ਬਣਾ ਲਈ ਹੈ, ਜਿੱਥੇ ਹੁਣ ਖ਼ਿਤਾਬ ਲਈ ਉਸ ਦੀ ਟੱਕਰ ਕੋਲਕਾਤਾ ਨਾਲ ਹੋਵੇਗੀ।ਇਸ ਤੋਂ ਪਹਿਲਾਂ ਰਾਜਸਥਾਨ ਦੇ ਕਪਤਾਨ ਸੰਜੂ ਸੈਮਸਨ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫ਼ੈਸਲਾ ਕੀਤਾ। ਪਹਿਲਾਂ ਬੱਲੇਬਾਜ਼ੀ ਦਾ ਸੱਦਾ ਮਿਲਣ 'ਤੇ ਹੈਦਰਾਬਾਦ ਨੇ ਹੈਨਰਿਕ ਕਲਾਸੇਨ (50), ਟ੍ਰੈਵਿਸ ਹੈੱਡ (34) ਤੇ ਰਾਹੁਲ ਤ੍ਰਿਪਾਠੀ (37) ਦੀਆਂ ਉਪਯੋਗੀ ਪਾਰੀਆਂ ਦੀ ਬਦੌਲਤ 20 ਓਵਰਾਂ 'ਚ 9 ਵਿਕਟਾਂ ਗੁਆ ਕੇ 175 ਦੌੜਾਂ ਦਾ ਚੁਣੌਤੀਪੂਰਨ ਸਕੋਰ ਖੜ੍ਹਾ ਕੀਤਾ ਸੀ। ਇਸ ਟੀਚੇ ਦਾ ਪਿੱਛਾ ਕਰਨ ਉਤਰੀ ਰਾਜਸਥਾਨ ਨੂੰ ਯਸ਼ਸਵੀ ਜਾਇਸਵਾਲ ਤੇ ਟਾਮ ਕੋਹਲਰ ਕੈਡਮੋਰ ਨੇ ਚੰਗੀ ਸ਼ੁਰੂਆਤ ਦਿਵਾਈ ਤੇ ਦੋਵਾਂ ਨੇ ਪਹਿਲੀ ਵਿਕਟ ਲਈ 24 ਦੌੜਾਂ ਦੀ ਸਾਂਝੇਦਾਰੀ ਕੀਤੀ। ਜਾਇਸਵਾਲ ਨੇ 21 ਗੇਂਦਾਂ 'ਚ 4 ਚੌਕਿਆਂ ਤੇ 3 ਛੱਕਿਆਂ ਦੀ ਮਦਦ ਨਾਲ 42 ਦੌੜਾਂ ਬਣਾ ਕੇ ਆਊਟ ਹੋ ਗਿਆ, ਜਦਕਿ ਕੈਡਮੋਰ ਨੇ 16 ਗੇਂਦਾਂ 'ਚ 10 ਦੌੜਾਂ ਦੀ ਪਾਰੀ ਖੇਡੀ।ਕਪਤਾਨ ਸੰਜੂ ਸੈਮਸਨ ਵੀ ਕੁਝ ਖ਼ਾਸ ਕਰਨ 'ਚ ਸਫ਼ਲ ਨਾ ਹੋ ਸਕੇ ਤੇ 11 ਗੇਂਦਾਂ 'ਚ 10 ਦੌੜਾਂ ਬਣਾ ਕੇ ਅਭਿਸ਼ੇਕ ਸ਼ਰਮਾ ਦਾ ਸ਼ਿਕਾਰ ਬਣੇ। ਰਿਆਨ ਪਰਾਗ (6), ਅਸ਼ਵਿਨ (0), ਸ਼ਿਮਰੋਨ ਹੈਟਮਾਇਰ (4) ਤੇ ਰੋਵਮੈਨ ਪਾਵੇਲ (6) ਵੀ ਬਿਨਾਂ ਕੁਝ ਖ਼ਾਸ ਕੀਤੇ ਪੈਵੇਲੀਅਨ ਪਰਤ ਗਏ। ਇਸ ਦੌਰਾਨ ਧਰੁਵ ਜੁਰੇਲ (56*) ਨੇ ਇਕ ਪਾਸਾ ਸੰਭਾਲੀ ਰੱਖਿਆ ਤੇ ਅਰਧ ਸੈਂਕੜੇ ਵਾਲੀ ਪਾਰੀ ਖੇਡੀ, ਪਰ ਉਹ ਵੀ ਟੀਮ ਨੂੰ ਜਿੱਤ ਨਾ ਦਿਵਾ ਸਕਿਆ। ਅੰਤ ਟੀਮ 20 ਓਵਰਾਂ 'ਚ 7 ਵਿਕਟਾਂ ਗੁਆ ਕੇ 139 ਦੌੜਾਂ ਹੀ ਬਣਾ ਸਕੀ ਤੇ 36 ਦੌੜਾਂ ਨਾਲ ਹਾਰ ਕੇ ਟੂਰਨਾਮੈਂਟ 'ਚੋਂ ਬਾਹਰ ਹੋ ਗਈ।ਇਸ ਤਰ੍ਹਾਂ ਰਾਜਸਥਾਨ ਇਹ ਮੁਕਾਬਲਾ ਹਾਰ ਕੇ ਟੂਰਨਾਮੈਂਟ 'ਚੋਂ ਬਾਹਰ ਹੋ ਗਈ ਹੈ, ਜਦਕਿ ਹੈਦਰਾਬਾਦ ਹੁਣ ਆਈ.ਪੀ.ਐੱਲ. ਦੇ ਫਾਈਨਲ 'ਚ ਕੋਲਕਾਤਾ ਨਾਈਟ ਰਾਈਡਰਜ਼ ਨਾਲ ਖਿਤਾਬ ਲਈ ਭਿੜੇਗੀ। ਜ਼ਿਕਰਯੋਗ ਹੈ ਕਿ ਟੂਰਨਾਮੈਂਟ ਦਾ ਫਾਈਨਲ ਮੁਕਾਬਲਾ 26 ਮਈ ਨੂੰ ਚੇਨਈ ਦੇ ਚੇਪਾਕ ਸਟੇਡੀਅਮ 'ਚ ਖੇਡਿਆ ਜਾਵੇਗਾ।



# ਆਈ.ਪੀ.ਐੱਲ. ਦੀ ਆਚਾਰ ਸੰਹਿਤਾ ਦੀ ਉਲੰਘਣਾ ਕਰਨ ਹੇਟਮਾਇਰ 'ਤੇ ਜੁਰਮਾਨਾ




ਰਾਜਸਥਾਨ ਰਾਇਲਜ਼ ਦੇ ਸ਼ਿਮਰੋਨ ਹੇਟਮਾਇਰ ਨੂੰ ਸਨਰਾਈਜ਼ਰਸ ਹੈਦਰਾਬਾਦ ਖਿਲਾਫ ਦੂਜੇ ਕੁਆਲੀਫਾਇਰ ਦੌਰਾਨ ਆਈ.ਪੀ.ਐੱਲ. ਦੇ ਜ਼ਾਬਤੇ ਦੀ ਉਲੰਘਣਾ ਕਰਨ 'ਤੇ ਮੈਚ ਫੀਸ ਦਾ ਦਸ ਫੀਸਦੀ ਜੁਰਮਾਨਾ ਲਗਾਇਆ ਗਿਆ ਹੈ। ਸਨਰਾਈਜ਼ਰਸ ਨੇ ਸ਼ੁੱਕਰਵਾਰ ਨੂੰ 36 ਦੌੜਾਂ ਨਾਲ ਜਿੱਤ ਦਰਜ ਕੀਤੀ। ਆਯੋਜਕਾਂ ਨੇ ਇਸ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਕਿ ਹੇਟਮਾਇਰ ਨੂੰ ਜੁਰਮਾਨਾ ਕਿਉਂ ਲਗਾਇਆ ਗਿਆ ਪਰ ਇਹ ਉਸ ਦੇ ਆਊਟ ਹੋਣ ਤੋਂ ਬਾਅਦ ਪ੍ਰਤੀਕਰਮ ਦੇ ਕਾਰਨ ਹੋ ਸਕਦਾ ਹੈ। ਜਦੋਂ 14ਵੇਂ ਓਵਰ ਵਿੱਚ ਅਭਿਸ਼ੇਕ ਸ਼ਰਮਾ ਨੇ ਉਸਨੂੰ ਬੋਲਡ ਕੀਤਾ ਤਾਂ ਹੇਟਮਾਇਰ ਨੇ ਨਿਰਾਸ਼ਾ ਵਿੱਚ ਸਟੰਪ ਨੂੰ ਮਾਰਨ ਦੀ ਕੋਸ਼ਿਸ਼ ਕੀਤੀ।ਆਈਪੀਐਲ ਨੇ ਆਈਪੀਐਲ ਕੋਡ ਆਫ ਕੰਡਕਟ ਦੇ ਸੈਕਸ਼ਨ 2 ਵਿੱਚ ਇੱਕ ਬਿਆਨ ਵਿੱਚ ਕਿਹਾ, "ਰਾਜਸਥਾਨ ਰਾਇਲਜ਼ ਦੇ ਸ਼ਿਮਰੋਨ ਹੇਟਮਾਇਰ ਨੂੰ ਸਨਰਾਈਜ਼ਰਸ ਹੈਦਰਾਬਾਦ ਦੇ ਖਿਲਾਫ ਦੂਜੇ ਕੁਆਲੀਫਾਇਰ ਦੌਰਾਨ ਆਈਪੀਐਲ ਕੋਡ ਆਫ ਕੰਡਕਟ ਦੀ ਉਲੰਘਣਾ ਕਰਨ ਲਈ ਉਸਦੀ ਮੈਚ ਫੀਸ ਦਾ 10 ਪ੍ਰਤੀਸ਼ਤ ਜੁਰਮਾਨਾ ਲਗਾਇਆ ਗਿਆ ਹੈ। ਇਸ 'ਚ ਕਿਹਾ ਗਿਆ, ''ਹੇਟਮਾਇਰ ਨੇ ਆਈਪੀਐੱਲ ਦੇ ਜ਼ਾਬਤੇ ਦੀ ਧਾਰਾ 2 ਅਧੀਨ ਲੈਵਲ ਵਨ ਅਪਰਾਧ ਕੀਤਾ ਹੈ। ਉਸਨੇ ਜੁਰਮ ਅਤੇ ਸਜ਼ਾ ਕਬੂਲ ਕਰ ਲਈ ਹੈ। ਲੈਵਲ 1 ਦੇ ਅਪਰਾਧ ਵਿੱਚ ਮੈਚ ਰੈਫਰੀ ਦਾ ਫੈਸਲਾ ਅੰਤਿਮ ਅਤੇ ਬੰਧਨਯੋਗ ਹੈ।''

# 27 ਸਾਲ ਬਾਅਦ ਇਕੱਠੇ ਕੰਮ ਕਰਨਗੇ ਕਾਜੋਲ ਅਤੇ ਪ੍ਰਭੂਦੇਵਾ





ਬਾਲੀਵੁੱਡ ਅਦਾਕਾਰਾ ਕਾਜੋਲ ਅਤੇ ਕੋਰੀਓਗ੍ਰਾਫਰ ਪ੍ਰਭੂਦੇਵਾ ਦੀ ਸ਼ਾਨਦਾਰ ਜੋੜੀ ਵੱਡੇ ਪਰਦੇ 'ਤੇ ਇਕੱਠੇ ਨਜ਼ਰ ਆਉਣ ਵਾਲੀ ਹੈ। ਇਹ ਦੋਵੇਂ ਮਸ਼ਹੂਰ ਸਿਤਾਰੇ ਵੱਡੇ ਬਜਟ ਦੀ ਐਕਸ਼ਨ ਥ੍ਰਿਲਰ ਫ਼ਿਲਮ ਲਈ ਇਕੱਠੇ ਆ ਰਹੇ ਹਨ। ਫ਼ਿਲਮ 'ਚ ਇਸ ਸ਼ਾਨਦਾਰ ਜੋੜੀ ਨੂੰ ਸਪੋਰਟ ਕਰਨ ਲਈ ਨਸੀਰੁਦੀਨ ਸ਼ਾਹ ਆ ਰਹੇ ਹਨ।ਦੱਸ ਦਈਏ ਕਿ ਕਾਜੋਲ ਅਤੇ ਪ੍ਰਭੂਦੇਵਾ ਨੇ ਰਾਜੀਵ ਮੈਨਨ ਦੀ 1997 'ਚ ਤਾਮਿਲ ਭਾਸ਼ਾ ਦੀ ਫ਼ਿਲਮ 'ਮਿਨਸਾਰਾ ਕਾਨਵੂ' 'ਚ ਇਕੱਠੇ ਕੰਮ ਕੀਤਾ ਸੀ। ਇਹ ਫ਼ਿਲਮ ਕਾਫ਼ੀ ਹਿੱਟ ਰਹੀ ਸੀ। ਹੁਣ ਇਸ ਫ਼ਿਲਮ ਦੇ 27 ਸਾਲ ਬਾਅਦ ਕਾਜੋਲ ਅਤੇ ਪ੍ਰਭੂਦੇਵਾ ਬਾਲੀਵੁੱਡ ਫ਼ਿਲਮ 'ਚ ਇਕੱਠੇ ਨਜ਼ਰ ਆਉਣਗੇ। ਫ਼ਿਲਮ ਦੇ ਨਿਰਦੇਸ਼ਨ ਦੀ ਜ਼ਿੰਮੇਵਾਰੀ ਚਰਨ ਤੇਜ ਉੱਪਲਪਤੀ ਨੂੰ ਦਿੱਤੀ ਹੈ। ਇਹ ਪਹਿਲੀ ਵਾਰ ਹੋਵੇਗਾ ਜਦੋਂ ਕਾਜੋਲ ਨਸੀਰੁਦੀਨ ਨਾਲ ਕੰਮ ਕਰੇਗੀ। ਇਹ ਇਨ੍ਹਾਂ ਦੋਵਾਂ ਪਹਿਲੀ ਫ਼ਿਲਮ ਹੋਵੇਗੀ।ਦੱਸਣਯੋਗ ਹੈ ਕਿ ਅਦਾਕਾਰਾ ਇੱਕ ਡਰਾਉਣੀ ਫਿਲਮ 'ਮਾਂ' 'ਚ ਵੀ ਨਜ਼ਰ ਆਵੇਗੀ। ਇਸ ਦੇ ਨਾਲ ਹੀ ਪ੍ਰਭੂਦੇਵਾ ਫ਼ਿਲਮ 'ਦਿ ਗ੍ਰੇਟੈਸਟ ਆਫ ਆਲ ਟਾਈਮ' 'ਤੇ ਕੰਮ ਕਰ ਰਹੇ ਹਨ। ਇਹ ਫ਼ਿਲਮ ਇਸ ਸਾਲ ਸਤੰਬਰ 'ਚ ਵੱਡੇ ਪਰਦੇ 'ਤੇ ਰਿਲੀਜ਼ ਹੋਵੇਗੀ।

# ਕਾਨਸ ਫ਼ਿਲਮ ਫੈਸਟੀਵਲ 'ਚ ਅਨਸੂਯਾ ਸੇਨ ਗੁਪਤਾ ਨੇ ਮਾਰੀ ਬਾਜ਼ੀ, ਜਿੱਤਿਆ ਇਹ ਪੁਰਸਕਾਰ

77ਵੇਂ ਕਾਨਸ ਫ਼ਿਲਮ ਫੈਸਟੀਵਲ 'ਚ ਭਾਰਤੀ ਸਿਤਾਰਿਆਂ ਨੇ ਆਪਣਾ ਜਲਵਾ ਬਿਖੇਰਿਆ ਹੈ। ਕਈ ਮਸ਼ਹੂਰ ਸਿਤਾਰਿਆਂ ਨੇ ਰੈੱਡ ਕਾਰਪੇਟ 'ਤੇ ਰੈਂਪ ਵਾਕ ਕਰਕੇ ਮਾਣ ਵਧਾਇਆ ਹੈ। ਇਨ੍ਹਾਂ 'ਚ ਭਾਰਤੀ ਅਨਸੂਯਾ ਸੇਨ ਗੁਪਤਾ ਦਾ ਨਾਂ ਵੀ ਸ਼ਾਮਲ ਹੋਇਆ ਹੈ। ਕਾਨਸ ਫ਼ਿਲਮ ਫੈਸਟੀਵਲ 'ਚ ਪੁਰਸਕਾਰ ਜਿੱਤਣ ਵਾਲੀ ਉਹ ਪਹਿਲੀ ਭਾਰਤੀ ਹੈ, ਜਿਸ ਨੂੰ ਆਪਣੀ ਫ਼ਿਲਮ 'ਦਿ ਸ਼ੈਮਲੇਸ' ਲਈ ਸਭ ਤੋਂ ਵਧੀਆ ਸਲਾਹਕਾਰ ਦਾ ਇਨਾਮ ਮਿਲਿਆ ਹੈ।ਦੱਸ ਦਈਏ ਕਿ ਇਸ ਫ਼ਿਲਮ ਦਾ ਨਿਰਦੇਸ਼ਨ ਕਾਨਸਟੈਂਟਿਨ ਬੋਜਾਨੋਵ ਨੇ ਕੀਤਾ ਹੈ। ਇਸ ਫ਼ਿਲਮ 'ਚ ਅਨਸੂਯਾ ਨੇ ਇੱਕ ਵੇਸ਼ਵਾ ਦਾ ਕਿਰਦਾਰ ਨਿਭਾਇਆ ਹੈ, ਜੋ ਇੱਕ ਪੁਲਸ ਵਾਲੇ ਦੀ ਹੱਤਿਆ ਕਰਕੇ ਵੇਸ਼ਿਆ ਘਰ ਤੋਂ ਭੱਜ ਜਾਂਦੀ ਹੈ। ਇਸ ਫ਼ਿਲਮ 'ਚ ਅਨਸੂਯਾ ਤੋਂ ਇਲਾਵਾ ਅਦਾਕਾਰਾ ਓਮਾਰਾ ਸ਼ੈੱਟੀ ਵੀ ਅਹਿਮ ਭੂਮਿਕਾ 'ਚ ਨਜ਼ਰ ਆ ਰਹੀ ਹੈ।



# ਸਾਲ ਦੀ ਸਭ ਤੋਂ ਵੱਡੀ ਪਰਿਵਾਰਕ ਡਰਾਮਾ ਫ਼ਿਲਮ 'ਨੀ ਮੈਂ ਸੱਸ ਕੁੱਟਣੀ 2' ਦਾ ਟਰੇਲਰ ਹੋਇਆ ਰਿਲੀਜ਼



ਪੰਜਾਬੀ ਸਿਨੇਮਾ ਦੀਆਂ ਆਉਣ ਵਾਲੀਆਂ ਅਤੇ ਬਹੁ-ਚਰਚਿਤ ਫ਼ਿਲਮਾਂ 'ਚ ਸ਼ੁਮਾਰ ਕਰਵਾਉਂਦੀ 'ਨੀ ਮੈਂ ਸੱਸ ਕੁੱਟਣੀ 2' ਦਾ ਟਰੇਲਰ ਰਿਲੀਜ਼ ਹੋ ਗਿਆ ਹੈ, ਜਿਸ ਨੂੰ ਦਰਸ਼ਕਾਂ ਵਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਰਿਲੀਜ਼ ਹੁੰਦੇ ਹੀ ਫ਼ਿਲਮ ਦਾ ਟਰੇਲਰ ਟਰੈਂਡਿੰਗ ਨੰਬਰ 17 'ਤੇ ਟਰੈਂਡ ਕਰ ਰਿਹਾ ਹੈ। 'ਸਾ-ਰੇ-ਗਾ-ਮਾ' ਵੱਲੋਂ ਪੇਸ਼ ਕੀਤੀ ਜਾ ਰਹੀ ਅਤੇ 'ਬਨਵੈਤ ਫਿਲਮਜ਼-ਏ ਯੁਡਲੀ ਫ਼ਿਲਮ ਦੇ ਸੰਯੁਕਤ ਨਿਰਮਾਣ ਅਧੀਨ ਬਣਾਈ ਗਈ ਇਸ ਦਿਲਚਸਪ-ਪਰਿਵਾਰਿਕ-ਡਰਾਮਾ ਫ਼ਿਲਮ ਦਾ ਲੇਖਨ ਅਤੇ ਨਿਰਦੇਸ਼ਨ ਮੋਹਿਤ ਬਨਵੈਤ ਦੁਆਰਾ ਕੀਤਾ ਗਿਆ ਹੈ, ਜੋ ਇਸ ਤੋਂ ਪਹਿਲਾਂ ਬਤੌਰ ਨਿਰਮਾਤਾ ਕਈ ਵੱਡੀਆਂ ਫ਼ਿਲਮਾਂ ਦਾ ਨਿਰਮਾਣ ਕਰ ਚੁੱਕੇ ਹਨ। ਉਕਤ ਫ਼ਿਲਮ ਨਾਲ ਨਿਰੇਦਸ਼ਕ ਦੇ ਰੂਪ 'ਚ ਇੱਕ ਨਵੀਂ ਸਿਨੇਮਾ ਪਾਰੀ ਦੇ ਅਗਾਜ਼ ਵੱਲ ਵਧੇ ਹਨ।ਸਾਲ 2002 'ਚ ਰਿਲੀਜ਼ ਹੋਈ ਅਤੇ ਸੁਪਰ ਡੁਪਰ ਹਿੱਟ ਰਹੀ 'ਨੀ ਮੈਂ ਸੱਸ ਕੁੱਟਣੀ' ਦੇ ਸੀਕਵਲ ਦੇ ਤੌਰ 'ਤੇ ਸਾਹਮਣੇ ਲਿਆਂਦੀ ਜਾ ਰਹੀ ਹੈ। ਫ਼ਿਲਮ ਦਾ ਨਿਰਦੇਸ਼ਨ ਪ੍ਰਵੀਨ ਕੁਮਾਰ ਵੱਲੋਂ ਕੀਤਾ ਗਿਆ ਸੀ ਪਰ ਇਸ ਨਵੇਂ ਭਾਗ ਦੀ ਨਿਰਦੇਸ਼ਨ ਕਮਾਂਡ ਉਨਾਂ ਦੀ ਬਜਾਏ ਉਕਤ ਫ਼ਿਲਮ ਦਾ ਨਿਰਮਾਣ ਕਰਨ ਵਾਲੇ ਮੋਹਿਤ ਬਨਵੈਤ ਸੰਭਾਲ ਰਹੇ ਹਨ। ਇਸ ਫ਼ਿਲਮ 'ਚ ਨਿਰਮਲ ਰਿਸ਼ੀ, ਗੁਰਪ੍ਰੀਤ ਘੁੱਗੀ, ਤਨਵੀ ਨਾਗੀ, ਅਨੀਤਾ ਦੇਵਗਨ, ਕਰਮਜੀਤ ਅਨਮੋਲ, ਅਕਸ਼ਿਤਾ ਸ਼ਰਮਾ, ਨਿਸ਼ਾ ਬਾਨੋ ਆਦਿ ਵੱਲੋਂ ਮੁੱਖ ਭੂਮਿਕਾ ਨਿਭਾਈਆਂ ਗਈਆਂ ਸਨ। ਪੰਜਾਬ ਦੇ ਖਰੜ-ਮੋਹਾਲੀ ਅਤੇ ਆਸ-ਪਾਸ ਦੇ ਇਲਾਕਿਆਂ 'ਚ ਫਿਲਮਾਏ ਗਏ ਹਨ। ਫ਼ਿਲਮ ਦੀ ਸਟਾਰ-ਕਾਸਟ ਦੀ ਗੱਲ ਕਰੀਏ ਤਾਂ ਇੱਕ ਵਾਰ ਫਿਰ ਪਹਿਲੀ ਫ਼ਿਲਮ ਵਾਲੇ ਜ਼ਿਆਦਾਤਰ ਚਿਹਰਿਆਂ ਨੂੰ ਮੁੜ ਦੁਹਰਾਇਆ ਗਿਆ ਹੈ, ਜਿੰਨ੍ਹਾਂ 'ਚ ਨਿਰਮਲ ਰਿਸ਼ੀ, ਅਨੀਤਾ ਦੇਵਗਨ, ਤਨਵੀ ਨਾਗੀ, ਮਹਿਤਾਬ ਵਿਰਕ, ਕਰਮਜੀਤ ਅਨਮੋਲ, ਨਿਸ਼ਾ ਬਾਨੋ, ਹਾਰਬੀ ਸੰਘਾ ਆਦਿ ਸ਼ੁਮਾਰ ਹਨ। ਇਹ ਫ਼ਿਲਮ 7 ਜੂਨ ਨੂੰ ਵਰਲਡ-ਵਾਈਡ ਰਿਲੀਜ਼ ਹੋ ਰਹੀ ਹੈ।

# ਕਰਮਜੀਤ ਅਨਮੋਲ ਲਈ ਕੁਲਵਿੰਦਰ ਬਿੱਲਾ ਤੇ ਬੰਟੀ ਬੈਂਸ ਨੇ ਫਰੀਦਕੋਟ 'ਚ ਕੀਤਾ ਚੋਣ ਪ੍ਰਚਾਰ



ਲੋਕ ਸਭਾ ਹਲਕਾ ਫ਼ਰੀਦਕੋਟ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਪੰਜਾਬੀ ਫ਼ਿਲਮ ਇੰਡਸਟਰੀ ਦੇ ਅਦਾਕਾਰ ਕਰਮਜੀਤ ਅਨਮੋਲ ਨੇ ਕਿਹਾ ਕਿ ਉਹ ਪਾਰਲੀਮੈਂਟ 'ਚ ਆਪਣੇ ਹਲਕੇ ਦੇ ਕਿਸਾਨਾਂ-ਮਜ਼ਦੂਰਾਂ ਅਤੇ ਵਪਾਰੀ-ਕਾਰੋਬਾਰੀਆਂ ਦੀ ਬੁਲੰਦ ਆਵਾਜ਼ ਬਣਨਗੇ ਅਤੇ ਸਾਰੇ ਵਰਗਾਂ ਦੀ ਆਰਥਿਕ ਖ਼ੁਸ਼ਹਾਲੀ ਲਈ ਦਿਨ ਰਾਤ ਕੰਮ ਕਰਨਗੇ। ਦੱਸ ਦਈਏ ਕਿ ਅਦਾਕਾਰ ਕਰਮਜੀਤ ਅਨਮੋਲ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨਾਲ ਧਰਮਕੋਟ ਹਲਕੇ ਦੇ ਪਿੰਡਾਂ 'ਚ ਚੋਣ ਜਲਸਿਆਂ ਨੂੰ ਸੰਬੋਧਨ ਕਰ ਰਹੇ ਸਨ। ਉੱਥੇ ਪੰਜਾਬੀ ਗਾਇਕ ਕੁਲਵਿੰਦਰ ਬਿੱਲਾ ਅਤੇ ਬੰਟੀ ਬੈਂਸ ਵੀ ਕਰਮਜੀਤ ਅਨਮੋਲ ਦੇ ਹੱਕ 'ਚ ਚੋਣ ਪ੍ਰਚਾਰ ਲਈ ਡਟੇ ਹੋਏ ਸਨ। ਕਰਮਜੀਤ ਅਨਮੋਲ ਨੇ ਕਿਹਾ ਕਿ ਪਿਛਲੇ 70 ਸਾਲਾਂ 'ਚ ਪੰਜਾਬ ਦੇ ਅੰਨਦਾਤਾ ਅਤੇ ਖੇਤੀਬਾੜੀ 'ਤੇ ਨਿਰਭਰ ਵਪਾਰ-ਕਾਰੋਬਾਰ ਨੂੰ ਬੁਰੀ ਤਰ੍ਹਾਂ ਨਜ਼ਰ ਅੰਦਾਜ਼ ਕੀਤਾ ਜਾਂਦਾ ਰਿਹਾ ਹੈ।

# 6 ਸਾਲਾ ਬੱਚੇ ਦੇ ਚਿਹਰੇ 'ਤੇ ਪੈੱਨ ਨਾਲ ਕੀਤਾ ਵਾਰ-ਵਾਰ ਹਮਲਾ



ਸਿੰਗਾਪੁਰ ਵਿੱਚ ਇੱਕ ਭਾਰਤੀ ਮੂਲ ਦੀ ਔਰਤ 'ਤੇ ਸਾਲ 2022 ਵਿੱਚ ਇੱਕ ਚਾਈਲਡ ਕੇਅਰ ਸੈਂਟਰ ਵਿੱਚ ਇੱਕ ਛੇ ਸਾਲ ਦੇ ਬੱਚੇ 'ਤੇ ਪੈੱਨ ਨਾਲ ਕਈ ਵਾਰ ਚਾਕੂ ਮਾਰਨ ਦਾ ਦੋਸ਼ ਲੱਗਾ ਹੈ। ਇਸ ਹਮਲੇ 'ਚ ਬੱਚੇ ਦੇ ਚਿਹਰੇ ਅਤੇ ਸਿਰ 'ਤੇ ਗੰਭੀਰ ਸੱਟਾਂ ਲੱਗੀਆਂ ਸਨ। ਦੋਸ਼ੀ ਔਰਤ (43) ਨੂੰ 'ਚਿਲਡਰਨ ਐਂਡ ਯੰਗ ਪਰਸਨਜ਼ ਐਕਟ' ਤਹਿਤ ਬੱਚੇ ਦੀ ਦੇਖਭਾਲ 'ਚ ਲਾਪਰਵਾਹੀ ਲਈ ਜ਼ਿੰਮੇਵਾਰ ਮੰਨਿਆ ਗਿਆ ਹੈ।ਨਿਊਜ਼ ਚੈਨਲ ਏਸ਼ੀਆ ਦੀ ਇੱਕ ਰਿਪੋਰਟ ਅਨੁਸਾਰ ਅਦਾਲਤ ਨੇ ਵਿਆਪਕ ਪਾਬੰਦੀ ਦੇ ਹੁਕਮ ਜਾਰੀ ਕੀਤਾ, ਜਿਸ ਦੇ ਅਨੁਸਾਰ ਪੀੜਤ ਦੀ ਪਛਾਣ, ਦੋਸ਼ੀ ਦੀ ਪਛਾਣ ਅਤੇ ਘਟਨਾ ਸਥਾਨ ਨੂੰ ਪ੍ਰਕਾਸ਼ਿਤ ਕਰਨ ਦੀ ਇਜਾਜ਼ਤ ਨਹੀਂ ਹੈ। ਖ਼ਬਰ ਵਿਚ ਕਿਹਾ ਗਿਆ ਹੈ ਕਿ ਦੋਸ਼ੀ ਪੱਥਰ ਦੇ ਅਨੁਸਾਰ ਔਰਤ ਇੱਕ ਭਾਰਤੀ ਨਾਗਰਿਕ ਹੈ ਅਤੇ ਸਿੰਗਾਪੁਰ ਦੀ ਸਥਾਈ ਨਿਵਾਸੀ ਹੈ। ਚਾਈਲਡ ਕੇਅਰ ਸੈਂਟਰ 'ਚ 16 ਨਵੰਬਰ 2022 ਤੋਂ ਬੱਚੇ ਦੀ ਦੇਖ-ਭਾਲ ਦੋਸ਼ੀ ਔਰਤ ਕਰ ਰਹੀ ਸੀ। ਉਸ ਦੌਰਾਨ ਉਸ ਨੇ ਕਥਿਤ ਤੌਰ 'ਤੇ ਪੈੱਨ ਨਾਲ ਬੱਚੇ 'ਤੇ ਕਈ ਵਾਰ ਹਮਲਾ ਕੀਤਾ, ਜਿਸ ਕਾਰਨ ਉਸ ਦੇ ਸਿਰ ਅਤੇ ਚਿਹਰੇ 'ਤੇ ਸੱਟਾਂ ਲੱਗੀਆਂ।




# ਭਾਰਤੀ ਪੁਲਾੜ ਯਾਤਰੀਆਂ ਲਈ NASA ਨੇ ਕੀਤਾ ਖ਼ਾਸ ਐਲਾਨ

ਅਮਰੀਕਾ ਦੇ ਚੋਟੀ ਦੇ ਡਿਪਲੋਮੈਟ ਐਰਿਕ ਗਾਰਸੇਟੀ ਨੇ ਕਿਹਾ ਕਿ ਅਮਰੀਕੀ ਪੁਲਾੜ ਏਜੰਸੀ ਨਾਸਾ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਲਈ ਸਾਂਝੇ ਯਤਨਾਂ ਨੂੰ ਵਧਾਉਣ ਦੇ ਉਦੇਸ਼ ਨਾਲ ਜਲਦੀ ਹੀ ਭਾਰਤੀ ਪੁਲਾੜ ਯਾਤਰੀਆਂ ਨੂੰ ਆਧੁਨਿਕ ਸਿਖਲਾਈ ਪ੍ਰਦਾਨ ਕਰੇਗੀ। ਭਾਰਤ ਵਿੱਚ ਅਮਰੀਕਾ ਦੇ ਰਾਜਦੂਤ ਗਾਰਸੇਟੀ ਨੇ "ਯੂਐੱਸ-ਇੰਡੀਆ ਕਮਰਸ਼ੀਅਲ ਸਪੇਸ ਸਮਿਟ: ਯੂਐੱਸ ਅਤੇ ਭਾਰਤੀ ਸਪੇਸ ਸਟਾਰਟਅੱਪਸ ਲਈ ਅਵਸਰਾਂ ਦੀ ਸ਼ੁਰੂਆਤ" ਸਮਾਗਮ ਵਿੱਚ ਇਹ ਟਿੱਪਣੀਆਂ ਕੀਤੀਆਂ।ਇਸ ਸਮਾਗਮ ਦਾ ਆਯੋਜਨ US-India Business Council (USIBC) ਅਤੇ US Commercial Service (USCS) ਵੱਲੋਂ ਬੰਗਲੁਰੂ ਵਿੱਚ ਕੀਤਾ ਗਿਆ ਹੈ। ਯੂਐੱਸਆਈਬੀਸੀ ਨੇ ਇੱਥੇ ਜਾਰੀ ਇੱਕ ਬਿਆਨ ਵਿੱਚ ਗਾਰਸੇਟੀ ਦੇ ਹਵਾਲੇ ਨਾਲ ਕਿਹਾ, "ਨਾਸਾ ਜਲਦੀ ਹੀ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਲਈ ਸਾਂਝੇ ਯਤਨਾਂ ਨੂੰ ਵਧਾਉਣ ਦੇ ਉਦੇਸ਼ ਨਾਲ ਭਾਰਤੀ ਪੁਲਾੜ ਯਾਤਰੀਆਂ ਨੂੰ ਉੱਨਤ ਸਿਖਲਾਈ ਪ੍ਰਦਾਨ ਕਰੇਗਾ। ਉਮੀਦ ਹੈ ਕਿ ਇਹ ਇਸ ਸਾਲ ਜਾਂ ਅਗਲੇ ਸਾਲ ਸ਼ੁਰੂ ਹੋ ਜਾਵੇਗਾ। ਜਲਦੀ ਹੀ ਅਸੀਂ ਈਕੋਸਿਸਟਮ, ਧਰਤੀ ਦੀ ਸਤ੍ਹਾ, ਕੁਦਰਤੀ ਖ਼ਤਰਿਆਂ, ਸਮੁੰਦਰ ਦੇ ਵੱਧਦੇ ਪੱਧਰਾਂ ਅਤੇ 'ਕ੍ਰਾਇਓਸਫੀਅਰ' ਸਮੇਤ ਸਾਰੇ ਸਰੋਤਾਂ 'ਤੇ ਨਜ਼ਰ ਰੱਖਣ ਲਈ ਇਸਰੋ ਦੇ ਸਤੀਸ਼ ਧਵਨ ਪੁਲਾੜ ਕੇਂਦਰ ਤੋਂ 'ਨਿਸਰ' ਉਪਗ੍ਰਹਿ ਲਾਂਚ ਕਰਨਗੇ। ਬੇਂਗਲੁਰੂ ਵਿਚ ਆਯੋਜਿਤ ਇਸ ਇੱਕ ਰੋਜ਼ਾ ਪ੍ਰੋਗਰਾਮ ਵਿੱਚ ਗਾਰਸੇਟੀ, ਭਾਰਤੀ ਪੁਲਾੜ ਖੋਜ ਸੰਸਥਾ (ਇਸਰੋ) ਦੇ ਚੇਅਰਮੈਨ ਡਾ: ਸੋਮਨਾਥ ਐੱਸ. ਅਤੇ ਨਾਸਾ ਦੇ ਨੁਮਾਇੰਦਿਆਂ ਸਮੇਤ ਅਮਰੀਕਾ ਅਤੇ ਭਾਰਤ ਸਰਕਾਰ ਦੇ ਸੀਨੀਅਰ ਅਧਿਕਾਰੀ ਸ਼ਾਮਲ ਹਨ।

# ਸਿੰਗਾਪੁਰ ਫਲਾਈਟ ਹਾਦਸੇ 'ਚ 104 ਲੋਕ ਜ਼ਖ਼ਮੀ



ਵਾਯੂਮੰਡਲ ਗੜਬੜੀ 'ਟਰਬਿਊਲੈਂਸ' ਦੇ ਕਾਰਨ ਸਿੰਗਾਪੁਰ ਏਅਰਲਾਈਨਜ਼ ਦੀ ਉਡਾਨ 'ਚ 22 ਮੁਸਾਫਰਾਂ ਦੀ ਰੀੜ੍ਹ ਦੀ ਹੱਡੀ ਤੇ 6 ਮੁਸਾਫਰਾਂ ਦੇ ਸਿਰ 'ਚ ਸੱਟਾਂ ਲੱਗੀਆਂ ਹਨ। ਸਮਿਤਿਵੇਜ ਸ਼੍ਰੀਨਾਕਾਰਿਨ ਹਸਪਤਾਲ ਦੇ ਨਿਰਦੇਸ਼ਕ ਡਾ. ਐਡਿਨੁਨ ਕਿੱਟੀਰਤਨਪਾਇਬੂਲ ਨੇ ਦੱਸਿਆ ਕਿ ਮੰਗਲਵਾਰ ਨੂੰ ਉਡਾਨ ਦੇ ਸਮੇਂ ਆਕਾਸ਼ 'ਚ ਜਹਾਜ਼ ਨੂੰ ਝਟਕੇ ਲੱਗਣ ਕਾਰਨ ਜ਼ਖ਼ਮੀ ਹੋਏ 20 ਲੋਕ ਆਈ. ਸੀ. ਯੂ 'ਚ ਹਨ ਪਰ ਕਿਸੇ ਦੇ ਵੀ ਜੀਵਨ ਨੂੰ ਖ਼ਤਰਾ ਨਹੀਂ ਹੈ। ਦੱਸ ਦੇਈਏ ਕਿ ਲੰਡਨ ਤੋਂ ਸਿੰਗਾਪੁਰ ਲਈ ਉਡਾਨ ਭਰਨ ਵਾਲੇ ਇਸ ਜਹਾਜ ਨੂੰ ਮੰਗਲਵਾਰ ਨੂੰ ਅਚਾਨਕ ਟਰਬੂਲੈਂਸ ਦਾ ਸਾਹਮਣਾ ਕਰਨਾ ਪਿਆ ਸੀ ਅਤੇ ਲਗਭਗ 3 ਮਿੰਟ ਦੇ ਅੰਦਰ ਇਹ 6000 ਫੁੱਟ ਹੇਠਾਂ ਆ ਗਿਆ ਸੀ, ਜਿਸ ਕਾਰਨ 73 ਸਾਲਾ ਇਕ ਬ੍ਰਿਟਿਸ਼ ਵਿਅਕਤੀ ਦੀ ਅਚਾਨਕ ਦਿਲ ਦਾ ਦੌਰਾ ਪੈਣ ਨਾਲ ਮੌਤ ਹੋ ਗਈ ਸੀ। ਜਹਾਜ ਦੇ ਉਡਾਨ ਭਰਨ ਦੇ ਲਗਭਗ 10 ਘੰਟੇ ਬਾਅਦ 37000 ਫੁੱਟ ਦੀ ਉਚਾਈ 'ਤੇ ਇਰਾਵਦੀ ਬੇਸਿਨ 'ਤੇ ਅਚਾਨਕ ਤੇਜ਼ ਟਰਬੂਲੈਂਸ ਕਾਰਨ ਲਗਭਗ 60 ਯਾਤਰੀ ਜ਼ਖ਼ਮੀ ਹੋ ਗਏ, ਜਦਕਿ ਇਕ ਦੀ ਮੌਤ ਹੋ ਗਈ।

ਦੂਜੇ ਪਾਸੇ ਲੰਡਨ ਤੋਂ ਸਿੰਗਾਪੁਰ ਜਾ ਰਹੀ ਇਸ ਉਡਾਨ ਨੂੰ ਐਮਰਜੈਂਸੀ ਹਾਲਤ 'ਚ ਬੈਂਕਾਕ 'ਚ ਉਤਾਰਿਆ ਗਿਆ ਸੀ। ਦੱਸ ਦੇਈਏ ਕਿ ਇਸ ਹਾਦਸੇ ਦੌਰਾਨ ਉਸ ਜਹਾਜ਼ 'ਚ ਕੁੱਲ 229 ਲੋਕ ਸਵਾਰ ਸਨ, ਜਿਸ 'ਚ 211 ਯਾਤਰੀ ਤੇ 18 ਚਾਲਕ ਦਲ ਦੇ ਮੈਂਬਰ ਸੀ। ਸਿੰਗਾਪੁਰ ਫਲਾਈਟ ਹਾਦਸੇ 'ਚ 104 ਲੋਕ ਜ਼ਖ਼ਮੀ ਹੋ ਗਏ। ਟਰਬੂਲੈਂਸ ਕਾਰਨ ਜ਼ਖ਼ਮੀ ਹੋਣ ਨਾਲ ਹਸਪਤਾਲ 'ਚ ਭਰਤੀ ਸਭ ਤੋਂ ਬਜ਼ੁਰਗ ਮਰੀਜ਼ ਦੀ ਉਮਰ 83 ਸਾਲ ਹੈ। ਕਿੱਟੀਰਤਨਪਾਇਬੂਲ ਨੇ ਦੱਸਿਆ ਕਿ ਹਸਪਤਾਲ 'ਚ ਉਡਾਨ ਗਿਣਤੀ ਐੱਸ.ਕਿਊ. 321 ਦੇ 40 ਮਰੀਜ਼ ਭਰਤੀ ਹਨ।

# ਫਿਲੀਪੀਨਜ਼ ਨੇ ਦਿੱਤੀ ਇਹ ਰਾਹਤ, ਡਾਕਟਰੀ ਦੀ ਪੜ੍ਹਾਈ ਕਰਨ ਵਾਲੇ ਨੂੰ



ਫਿਲੀਪੀਨਜ਼ ਨੇ ਹਾਲ ਹੀ ਵਿਚ ਕੁਝ ਵਿਧਾਨਕ ਸੋਧਾਂ ਕੀਤੀਆਂ ਹਨ, ਜਿਸ ਨਾਲ ਉਥੇ ਡਾਕਟਰੀ ਦੀ ਪੜ੍ਹਾਈ ਕਰ ਰਹੇ ਭਾਰਤੀ ਵਿਦਿਆਰਥੀਆਂ ਨੂੰ ਫ਼ਾਇਦਾ ਹੋਵੇਗਾ ਅਤੇ ਅਜਿਹੇ ਵਿਦਿਆਰਥੀਆਂ ਦੀ ਗਿਣਤੀ 25 ਤੋਂ 30 ਫ਼ੀਸਦੀ ਤੱਕ ਵਧਣ ਦੀ ਸੰਭਾਵਨਾ ਹੈ। ਇੱਕ ਵਿਦੇਸ਼ੀ ਸਿੱਖਿਆ ਸਲਾਹਕਾਰ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਫਿਲੀਪੀਨਜ਼ ਦੁਆਰਾ ਕਾਨੂੰਨ ਵਿੱਚ ਸੋਧ ਵਿਦੇਸ਼ੀ ਵਿਦਿਆਰਥੀਆਂ ਲਈ ਡਾਕਟਰ ਆਫ਼ ਮੈਡੀਸਨ ਦੀ ਡਿਗਰੀ ਪ੍ਰਾਪਤ ਕਰਨ ਤੋਂ ਬਾਅਦ ਸਥਾਨਕ ਤੌਰ 'ਤੇ ਅਭਿਆਸ ਕਰਨਾ ਆਸਾਨ ਬਣਾ ਦੇਵੇਗੀ।

# ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਜੀਵਨੀ

### ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਕੌਣ ਹਨ?

ਗੁਰੂ ਤੇਗ਼ ਬਹਾਦਰ ਜੀ ਸਿੱਖ ਧਰਮ ਦੇ ਨੌਵੇਂ ਗੁਰੂ ਸਨ। ਆਪ ਜੀ ਦਾ ਜਨਮ 1 ਅਪ੍ਰੈਲ, 1621 ਨੂੰ ਅੰਮ੍ਰਿਤਸਰ, ਪੰਜਾਬ ਵਿੱਚ ਹੋਇਆ ਸੀ। ਉਹ ਗੁਰੂ ਹਰਗੋਬਿੰਦ ਜੀ ਅਤੇ ਮਾਤਾ ਨਾਨਕੀ ਜੀ ਦੇ ਸਭ ਤੋਂ ਛੋਟੇ ਪੁੱਤਰ ਸਨ। ਗੁਰੂ ਤੇਗ਼ ਬਹਾਦਰ ਜੀ ਬਹੁਤ ਸਾਦਾ ਜੀਵਨ ਬਤੀਤ ਕਰਦੇ ਸਨ। ਉਹ ਇੱਕ ਮਹਾਨ ਯੋਧਾ ਸੀ ਅਤੇ ਮੁਗਲਾਂ ਵਿਰੁੱਧ ਕਈ ਲੜਾਈਆਂ ਲੜੀਆਂ ਸਨ। ਆਪ ਜੀ ਨੇ ਬਹੁਤ ਸਾਰੇ ਸ਼ਬਦ ਅਤੇ ਕਵਿਤਾਵਾਂ ਵੀ ਲਿਖੀਆਂ ਜੋ ਸਿੱਖ ਧਰਮ ਦੇ ਮੁੱਖ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸ਼ਾਮਲ ਹਨ ਅਤੇ ਅੱਜ ਵੀ ਸਿੱਖਾਂ ਦੁਆਰਾ ਸੁਣਾਈਆਂ ਜਾਂਦੀਆਂ ਹਨ। ਉਨ੍ਹਾਂ ਨੇ ਸਚਿਆਰ ਅਤੇ ਨੇਕ ਜੀਵਨ ਜਿਉਣ ਦੀ ਮਹੱਤਤਾ ਦਾ ਪ੍ਰਚਾਰ ਕੀਤਾ।

24 ਨਵੰਬਰ, 1675 ਨੂੰ, ਗੁਰੂ ਤੇਗ਼ ਬਹਾਦਰ ਜੀ ਨੂੰ ਮੁਗਲ ਬਾਦਸ਼ਾਹ ਔਰੰਗਜ਼ੇਬ ਨੇ ਇਸਲਾਮ ਕਬੂਲ ਕਰਨ ਤੋਂ ਇਨਕਾਰ ਕਰਨ ਕਰਕੇ ਸ਼ਹੀਦ ਕਰ ਦਿੱਤਾ ਸੀ। ਉਨ੍ਹਾਂ ਦੀ ਸ਼ਹਾਦਤ ਨੇ ਬਹੁਤ ਸਾਰੇ ਸਿੱਖਾਂ ਨੂੰ ਧਾਰਮਿਕ ਅਤਿਆਚਾਰ ਦੇ ਵਿਰੁੱਧ ਖੜ੍ਹੇ ਹੋਣ ਲਈ ਪ੍ਰੇਰਿਤ ਕੀਤਾ। ਗੁਰੂ ਤੇਗ਼ ਬਹਾਦਰ ਜੀ ਨੂੰ ਮਹਾਨ ਸਿੱਖ ਸੰਤ ਅਤੇ ਸ਼ਹੀਦ ਵਜੋਂ ਯਾਦ ਕੀਤਾ ਜਾਂਦਾ ਹੈ।

### ਪਰਿਵਾਰ ਅਤੇ ਸ਼ੁਰੂਆਤੀ ਜੀਵਨ–

ਗੁਰੂ ਤੇਗ਼ ਬਹਾਦਰ ਜੀ ਦਾ ਜਨਮ 1 ਅਪ੍ਰੈਲ 1621 ਨੂੰ ਅੰਮ੍ਰਿਤਸਰ ਵਿੱਚ ਹੋਇਆ ਸੀ। ਉਹ ਗੁਰੂ ਹਰਗੋਬਿੰਦ ਸਾਹਿਬ ਜੀ ਅਤੇ ਮਾਤਾ ਨਾਨਕੀ ਜੀ ਦੇ ਪੰਜ ਪੁੱਤਰਾਂ ਵਿੱਚੋਂ ਸਭ ਤੋਂ ਛੋਟੇ ਸਨ। ਉਨ੍ਹਾਂ ਦੇ ਵੱਡੇ ਭਰਾ ਬਾਬਾ ਗੁਰਦਿੱਤਾ ਜੀ, ਬਾਬਾ ਸੂਰਜ ਮੱਲ ਜੀ, ਬਾਬਾ ਅਨੀ ਰਾਇ ਅਤੇ ਬਾਬਾ ਅਟੱਲ ਰਾਇ ਜੀ ਸਨ। ਆਪ ਜੀ ਦੀ ਇੱਕ ਭੈਣ ਬੀਬੀ ਵੀਰੋ ਜੀ ਸਨ। ਆਪ ਦਾ ਬਚਪਨ ਦਾ ਨਾਂ ਤਿਆਗਮਲ ਸੀ। ਆਪ ਜੀ ਨੇ ਬਚਪਨ ਵਿੱਚ ਭਾਈ ਗੁਰਦਾਸ ਜੀ ਤੋਂ ਸੰਸਕ੍ਰਿਤ, ਹਿੰਦੀ ਅਤੇ ਗੁਰਮੁਖੀ ਸਿੱਖੀ, ਬਾਬਾ ਬੁੱਢਾ ਜੀ ਤੋਂ ਘੋੜ ਸਵਾਰੀ ਅਤੇ ਤੀਰਅੰਦਾਜ਼ੀ ਸਿੱਖੀ ਅਤੇ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਆਪ ਜੀ ਨੂੰ ਜੰਗੀ ਕਲਾ ਅਤੇ ਤਲਵਾਰਬਾਜ਼ੀ ਦੀ ਸਿੱਖਿਆ ਦਿੱਤੀ। ਕੇਵਲ 13 ਸਾਲ ਦੀ ਉਮਰ ਵਿੱਚ, ਆਪ ਜੀ ਨੇ ਆਪਣੇ ਪਿਤਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਨਾਲ ਮੁਗਲਾਂ ਦਾ ਬਹਾਦਰੀ ਨਾਲ ਮੁਕਾਬਲਾ ਕੀਤਾ, ਜਿਸ ਤੋਂ ਪ੍ਰਭਾਵਿਤ ਹੋ ਕੇ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਆਪ ਜੀ ਦਾ ਨਾਮ ਤਿਆਗਮਲ ਤੋਂ ਬਦਲ ਕੇ ਤੇਗ਼ ਬਹਾਦਰ (ਬਹਾਦਰ ਤਲਵਾਰਬਾਜ਼) ਰੱਖ ਦਿੱਤਾ। ਪਰ ਜੰਗ ਦੇ ਮੈਦਾਨ ਵਿੱਚ ਆਪਣੇ ਪਿਤਾ ਦੇ ਨਾਲ ਇੱਕ ਯੋਗ ਲੜਾਕੂ ਹੋਣ ਦੇ ਬਾਵਜੂਦ, ਆਪ ਜੀ ਦਾ ਧਿਆਨ ਅਧਿਆਤਮਿਕ ਚਿੰਤਨ ਵੱਲ ਮੁੜ ਗਿਆ ਅਤੇ ਆਪ ਜੀ ਨੇ ਤਿਆਗ ਅਤੇ ਸਿਮਰਨ ਦਾ ਰਾਹ ਚੁਣਿਆ। ਆਪ ਜੀ ਦਾ ਵਿਆਹ ਮਾਤਾ ਗੁਜਰੀ ਜੀ ਨਾਲ ਸੰਨ 1632 ਵਿੱਚ ਕਰਤਾਰਪੁਰ ਵਿਖੇ ਹੋਇਆ।ਗੁਰੂ ਤੇਗ਼ ਬਹਾਦਰ ਜੀ ਆਪਣਾ ਬਹੁਤਾ ਸਮਾਂ ਧਿਆਨ ਅਤੇ ਸਿਮਰਨ ਵਿੱਚ ਬਤੀਤ ਕਰਨ ਲੱਗੇ। ਕੁਝ ਸਮੇਂ ਬਾਅਦ, ਗੁਰੂ ਹਰਗੋਬਿੰਦ ਸਾਹਿਬ ਜੀ ਦੇ ਕਹਿਣ 'ਤੇ, ਗੁਰੂ ਤੇਗ਼ ਬਹਾਦਰ ਜੀ ਆਪਣੀ ਪਤਨੀ ਅਤੇ ਮਾਤਾ ਜੀ ਸਮੇਤ ਅੰਮ੍ਰਿਤਸਰ ਦੇ ਨੇੜੇ ਪਿੰਡ ਬਕਾਲਾ ਵਿਖੇ ਰਹਿਣ ਲਈ ਚਲੇ ਗਏ। ਬਕਾਲਾ ਪਿੰਡ ਵਿੱਚ ਅਗਲੇ 20 ਸਾਲ, ਆਪ ਜੀ ਨੇ ਆਪਣਾ ਜ਼ਿਆਦਾਤਰ ਸਮਾਂ ਇੱਕ ਭੋਰੇ ਵਿੱਚ ਸਿਮਰਨ ਕਰਨ ਵਿੱਚ ਬਿਤਾਇਆ। ਅੱਠਵੇਂ ਗੁਰੂ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਨੇ ਜੋਤੀ ਜੋਤ ਸਮਾਉਣ ਤੋਂ ਪਹਿਲਾਂ ਆਪ ਜੀ ਨੂੰ ਨੌਵੇਂ ਸਿੱਖ ਗੁਰੂ ਵਜੋਂ ਮਾਨਤਾ ਦਿੱਤੀ।

### ਨੌਵੇਂ ਗੁਰੂ ਵਜੋਂ ਗੁਰਗੱਦੀ–

ਮਾਰਚ 1664 ਵਿਚ ਜਦੋਂ ਅੱਠਵੇਂ ਗੁਰੂ, ਸ਼੍ਰੀ ਗੁਰੂ ਹਰਿਕ੍ਰਿਸ਼ਨ ਜੀ ਬਹੁਤ ਬਿਮਾਰ ਹੋ ਗਏ, ਓਦੋਂ ਉਨ੍ਹਾਂ ਨੂੰ ਗੁਰਗੱਦੀ ਦੇ ਅਗਲੇ ਉੱਤਰਾਧਿਕਾਰੀ ਲਈ ਪੁੱਛਿਆ ਗਿਆ। ਸ਼੍ਰੀ ਗੁਰੂ ਹਰਿਕ੍ਰਿਸ਼ਨ ਜੀ ਨੇ 'ਬਾਬਾ ਬਕਾਲਾ' ਜਵਾਬ ਦਿੱਤਾ, ਜਿਸਦਾ ਅਰਥ ਸੀ ਕਿ ਉਨ੍ਹਾਂ ਦੇ ਅਗਲੇ ਸਿੱਖ ਗੁਰੂ ਪਿੰਡ ਬਕਾਲਾ ਵਿੱਚ ਮਿਲਣਗੇ। ਅਕਾਲ ਚਲਾਣਾ ਕਰਨ ਵਾਲੇ ਗੁਰੂ ਸਾਹਿਬ ਜੀ ਦੇ ਸ਼ਬਦਾਂ ਦੀ ਅਸਪੱਸ਼ਟਤਾ ਦਾ ਫਾਇਦਾ ਲੈਂਦੇ ਹੋਏ ਕਈ ਪਖੰਡੀ ਪਿੰਡ ਬਕਾਲਾ ਵਿਚ ਆਪਣੇ ਆਪ ਗੁਰੂ ਬਣ ਬੈਠੇ ਅਤੇ ਨੌਵੇਂ ਸਿੱਖ ਗੁਰੂ ਹੋਣ ਦਾ ਦਾਅਵਾ ਕਰਨ ਲੱਗੇ।ਇਹ ਸਭ ਦੇਖ ਕੇ ਸਾਰੇ ਸਿੱਖ ਹੈਰਾਨ ਰਹਿ ਗਏ ਅਤੇ ਗੁਰੂ ਹਰਿਕ੍ਰਿਸ਼ਨ ਜੀ ਦੇ ਬਚਨਾਂ ਅਨੁਸਾਰ ਅਸਲੀ ਸਿੱਖ ਗੁਰੂ ਨੂੰ ਲੱਭਣ ਦਾ ਕੰਮ ਬਹੁਤ ਔਖਾ ਹੋ ਗਿਆ।

ਇਸ ਸਮੇਂ ਇੱਕ ਅਮੀਰ ਵਪਾਰੀ ਬਾਬਾ ਮੱਖਣ ਸ਼ਾਹ ਲਬਾਣਾ ਨੂੰ ਗੁਰੂ ਹਰਿਕ੍ਰਿਸ਼ਨ ਜੀ ਦੇ ਅਕਾਲ ਚਲਾਣਾ ਕਰਨ ਦੀ ਖ਼ਬਰ ਮਿਲੀ। ਕੁੱਝ ਸਮਾਂ ਪਹਿਲਾਂ ਬਾਬਾ ਮੱਖਣ ਸ਼ਾਹ ਦਾ ਜਹਾਜ਼ ਤੇਜ਼ ਤੂਫ਼ਾਨ ਵਿੱਚ ਫਸ ਗਿਆ ਸੀ। ਉਸ ਸਮੇਂ ਬਾਬਾ ਮੱਖਣ ਸ਼ਾਹ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਜੇਕਰ ਉਨ੍ਹਾਂ ਦਾ ਜਹਾਜ਼ ਸੁਰੱਖਿਅਤ ਬੰਦਰਗਾਹ 'ਤੇ ਪਹੁੰਚ ਜਾਵੇ ਤਾਂ ਉਹ ਆਪਣੇ ਗੁਰੂ ਹਰਿਕ੍ਰਿਸ਼ਨ ਜੀ ਨੂੰ 500 ਸੋਨੇ ਦੀਆਂ ਮੋਹਰਾਂ ਭੇਟ ਕਰਨਗੇ। ਆਪਣੇ ਜਹਾਜ਼ ਦੇ ਸੁਰੱਖਿਅਤ ਪਰਤਣ ਤੋਂ ਬਾਅਦ, ਬਾਬਾ ਮੱਖਣ ਸ਼ਾਹ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਦਿੱਲੀ ਗਏ ਅਤੇ ਓਥੋਂ ਗੁਰੂ ਹਰਿਕ੍ਰਿਸ਼ਨ ਜੀ ਦੇ ਆਖ਼ਿਰੀ ਬੋਲਾਂ ਅਨੁਸਾਰ ਅਗਲੇ ਗੁਰੂ ਦੀ ਭਾਲ ਵਿਚ ਬਕਾਲਾ ਪਿੰਡ ਚਲੇ ਗਏ।

ਬਕਾਲਾ ਪਿੰਡ ਪਹੁੰਚ ਕੇ ਅਤੇ ਏਨੇ ਦਾਅਵੇਦਾਰ ਦੇਖ ਕੇ ਬਾਬਾ ਮੱਖਣ ਸ਼ਾਹ ਹੈਰਾਨ ਰਹਿ ਗਏ। ਉਹ ਨੌਵੇਂ ਗੁਰੂ ਹੋਣ ਦਾ ਦਾਅਵਾ ਕਰਨ ਵਾਲੇ ਇੱਕ ਦਾਅਵੇਦਾਰ ਤੋਂ ਦੂਜੇ ਨੂੰ ਮੱਥਾ ਟੇਕਦੇ ਹੋਏ ਦੋ ਸੋਨੇ ਦੇ ਸਿੱਕੇ ਭੇਟ ਕਰਦੇ ਰਹੇ। ਸਾਰੇ ਦਾਅਵੇਦਾਰਾਂ ਨੇ 2 ਸੋਨੇ ਦੇ ਸਿੱਕੇ ਸਵੀਕਾਰ ਕਰ ਲਏ। ਪਰ ਬਾਬਾ ਮੱਖਣ ਸ਼ਾਹ ਅਸਲ ਗੁਰੂ ਨੂੰ ਨਾ ਮਿਲਣ ਤੋਂ ਬਹੁਤ ਨਿਰਾਸ਼ ਸੀ।



ਫਿਰ ਉਨ੍ਹਾਂ ਨੂੰ ਪਤਾ ਲੱਗਾ ਕਿ ਇਕ ਗੁਰੂ ਭੋਰੇ ਵਿਚ ਵੀ ਸਿਮਰਨ ਕਰਦੇ ਹਨ। ਹੋਰ ਗੁਰੂਆਂ ਵਾਂਗ ਬਾਬਾ ਲਬਾਣਾ ਨੇ ਗੁਰੂ ਤੇਗ਼ ਬਹਾਦਰ ਜੀ ਨੂੰ ਵੀ ਦੋ ਸੋਨੇ ਦੇ ਸਿੱਕੇ ਭੇਟ ਕੀਤੇ। ਇਹ ਦੇਖ ਕੇ ਗੁਰੂ ਸਾਹਿਬ ਜੀ ਨੇ ਬਾਬਾ ਲਬਾਣਾ ਨੂੰ ਆਖਿਆ ਕਿ ਉਸਨੇ ਪੰਜ ਸੌ ਮੋਹਰਾਂ ਭੇਟ ਕਰਨ ਦਾ ਵਾਅਦਾ ਕੀਤਾ ਸੀ ਅਤੇ ਦੋ ਮੋਹਰਾਂ ਤਾ ਬਹੁਤ ਘੱਟ ਹਨ।ਇਹ ਸੁਣ ਕੇ ਬਾਬਾ ਮੱਖਣ ਸ਼ਾਹ ਲਬਾਣਾ ਨੂੰ ਯਕੀਨ ਹੋ ਗਿਆ ਕਿ ਉਹ ਸੱਚਮੁੱਚ ਹੀ ਸਿੱਖ ਗੁਰੂ ਹਨ। ਕਿਹਾ ਜਾਂਦਾ ਹੈ ਕਿ ਇਸ ਸਮੇਂ ਮੱਖਣ ਸ਼ਾਹ ਬਹੁਤ ਖੁਸ਼ ਹੋਏ ਅਤੇ ਛੱਤ ਉੱਤੇ ਜਾਕੇ ਉੱਚੀ-ਉੱਚੀ ਬੋਲਣ ਲੱਗੇ, "ਗੁਰੂ ਲਾਧੋ ਰੇ, ਗੁਰੂ ਲਾਧੋ ਰੇ,"ਜਿਸਦਾ ਅਰਥ ਸੀ "ਮੈਂ ਗੁਰੂ ਲੱਭ ਲਿਆ ਹੈ, ਮੈਂ ਗੁਰੂ ਲੱਭ ਲਿਆ ਹੈ"। ਇਸ ਤਰ੍ਹਾਂ ਅਗਸਤ 1664 ਵਿੱਚ ਸਿੱਖ ਸੰਗਤ ਨੇ ਪਿੰਡ ਬਕਾਲਾ ਪਹੁੰਚ ਕੇ ਤੇਗ਼ ਬਹਾਦਰ ਨੂੰ ਸਿੱਖਾਂ ਦੇ ਨੌਵੇਂ ਗੁਰੂ ਵਜੋਂ ਨਿਯੁਕਤ ਕੀਤਾ।

### ਅਨੰਦਪੁਰ ਸਾਹਿਬ ਦੀ ਸਥਾਪਨਾ–

ਸ੍ਰੀ ਗੁਰੂ ਤੇਗ਼ ਬਹਾਦਰ ਜੀ ਗੁਰਗੱਦੀ ਤੇ ਬਿਰਾਜਮਾਨ ਹੋਣ ਤੋਂ ਕੁਝ ਸਮੇਂ ਬਾਅਦ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਗਏ। ਓਥੇ ਆਪਣਾ ਅਧਿਕਾਰ ਕਾਇਮ ਰੱਖਣ ਲਈ ਮੀਣਿਆਂ ਨੇ ਦਰਬਾਰ ਸਾਹਿਬ ਦੇ ਦਰਵਾਜ਼ੇ ਬੰਦ ਕਰ ਦਿੱਤੇ।

ਗੁਰੂ ਸਾਹਿਬ ਥੜ੍ਹ ਸਾਹਿਬ ਦੇ ਸਥਾਨ 'ਤੇ ਬੈਠ ਕੇ ਵਾਪਸ ਪਰਤ ਗਏ। ਕੀਰਤਪੁਰ ਸਾਹਿਬ ਤੋਂ ਕੁਝ ਮੀਲਾਂ ਦੀ ਦੂਰੀ 'ਤੇ ਆਪ ਜੀ ਨੇ ਕੇਹਲੂਰ ਦੇ ਰਾਜੇ ਤੋਂ ਮਾਖੋਵਾਲ ਪਿੰਡ ਦੀ ਜ਼ਮੀਨ ਖਰੀਦ ਕੇ ਸਤਲੁਜ ਦਰਿਆ ਦੇ ਕੰਢੇ ਆਨੰਦਪੁਰ ਸਾਹਿਬ ਵਸਾਇਆ।

### ਗੁਰੂ ਤੇਗ਼ ਬਹਾਦਰ ਜੀ ਦੀ ਯਾਤਰਾਵਾਂ–

ਗੁਰੂ ਤੇਗ਼ ਬਹਾਦਰ ਜੀ ਨੇ ਆਪਣੇ ਜੀਵਨ ਦੌਰਾਨ ਪੂਰੇ ਪੰਜਾਬ ਅਤੇ ਪੂਰਬੀ ਭਾਰਤ ਦੀ ਯਾਤਰਾ ਕੀਤੀ। ਆਪ ਜੀ ਨੇ ਪਹਿਲੇ ਗੁਰੂ ਸਾਹਿਬ, ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਹੋਰ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਦਾ ਪ੍ਰਚਾਰ ਕਰਨ ਲਈ ਪੰਜਾਬ ਵਿੱਚ ਵਿਆਪਕ ਯਾਤਰਾ ਕੀਤੀ। ਆਪ ਨੇ ਸ੍ਰੀ ਅੰਮ੍ਰਿਤਸਰ ਸਾਹਿਬ, ਗੋਇੰਦਵਾਲ ਸਾਹਿਬ, ਤਰਨਤਾਰਨ, ਕੀਰਤਪੁਰ ਸਾਹਿਬ ਸਮੇਤ ਕਈ ਥਾਵਾਂ ਦਾ ਦੌਰਾ ਕੀਤਾ। ਪੰਜਾਬ ਵਿੱਚ ਮਾਝੇ ਅਤੇ ਮਾਲਵੇ ਦੀਆਂ ਯਾਤਰਾਵਾਂ ਤੋਂ ਬਾਅਦ, ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਪੂਰਬੀ ਭਾਰਤ ਵਿੱਚ ਆਪਣੀਆਂ ਯਾਤਰਾਵਾਂ ਕੀਤੀਆਂ। ਆਪ ਜੀ ਨੇ ਦੇਸ਼ ਦੇ ਕਈ ਹੋਰ ਹਿੱਸਿਆਂ ਜਿਵੇਂ ਦਿੱਲੀ, ਆਗਰਾ, ਕਾਨਪੁਰ, ਬਨਾਰਸ, ਗਯਾ, ਪਟਨਾ ਅਤੇ ਢਾਕਾ ਦਾ ਵੀ ਦੌਰਾ ਕੀਤਾ।

ਆਪਣੀ ਯਾਤਰਾ ਦੌਰਾਨ, ਉਨ੍ਹਾਂ ਨੇ ਸ਼ਰਧਾਲੂਆਂ ਨੂੰ ਸੱਚੇ ਮਨ ਨਾਲ ਨਾਮ ਦਾ ਸਿਮਰਨ ਕਰਨ ਦਾ ਉਪਦੇਸ਼ ਦਿੱਤਾ। ਆਪ ਜੀ ਨੇ ਸੰਗਤਾਂ ਨੂੰ ਦੁਨਿਆਵੀ ਭਰਮਾਂ ਅਤੇ ਵਹਿਮਾਂ ਦਾ ਤਿਆਗ ਕਰਨ, ਜਾਤ-ਪਾਤ ਨੂੰ ਤਿਆਗਣ ਦਾ ਉਪਦੇਸ਼ ਦਿੱਤਾ। ਆਪਣੀਆਂ ਯਾਤਰਾਵਾਂ ਦੌਰਾਨ, ਗੁਰੂ ਤੇਗ਼ ਬਹਾਦਰ ਜੀ ਨੇ ਆਪਣੇ ਪੈਰੋਕਾਰਾਂ ਨੂੰ 'ਨਿਰਭਉ' (ਭਉ ਰਹਿਤ) ਅਤੇ 'ਨਿਰਵੈਰ' (ਈਰਖਾ ਰਹਿਤ) ਹੋਣ ਦਾ ਉਪਦੇਸ਼ ਦਿੱਤਾ। ਆਪ ਜੀ ਨੇ ਸਿੱਖ ਵਿਚਾਰਾਂ ਦਾ ਪ੍ਰਚਾਰ ਕੀਤਾ ਅਤੇ ਭਾਈਚਾਰਕ ਜਲ ਖੂਹ ਅਤੇ ਲੰਗਰ ਲਗਾਏ। ਜਦੋਂ ਗੁਰੂ ਜੀ ਨੂੰ ਮੁਗਲਾਂ ਦੁਆਰਾ ਕੀਤੇ ਜਾ ਰਹੇ ਜ਼ੁਲਮਾਂ ਬਾਰੇ ਪਤਾ ਲੱਗਾ ਤਾਂ ਉਹ ਪੰਜਾਬ ਵਾਪਸ ਆ ਗਏ। ਇਨ੍ਹਾਂ ਯਾਤਰਾਵਾਂ ਦੌਰਾਨ 1666 ਈ: ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਘਰ ਵਿਚ ਪਟਨਾ ਸਾਹਿਬ ਵਿਖੇ ਇਕ ਪੁੱਤਰ ਦਾ ਜਨਮ ਹੋਇਆ ਜਿਨ੍ਹਾਂ ਦਾ ਨਾਮ ਗੋਬਿੰਦ ਰਾਏ ਰੱਖਿਆ ਗਿਆ ਅਤੇ ਜੋ ਅਗੇ ਜਾਕੇ ਸਿਖਾਂ ਦੇ ਦਸਵੇਂ ਗੁਰੂ ਬਣੇ।

### ਗੁਰੂ ਤੇਗ਼ ਬਹਾਦਰ ਜੀ ਨੂੰ ਕਸ਼ਮੀਰੀ ਪੰਡਿਤਾਂ ਦੀ ਫਰਿਆਦ –

ਉਸ ਸਮੇਂ ਮੁਗਲ ਬਾਦਸ਼ਾਹ ਔਰੰਗਜ਼ੇਬ ਦੇ ਹੁਕਮਾਂ ਤਹਿਤ ਕਸ਼ਮੀਰ ਦਾ ਸੂਬੇਦਾਰ ਸ਼ੇਰ ਅਫਗਾਨ ਖਾਨ ਕਸ਼ਮੀਰੀ ਪੰਡਤਾਂ ਨੂੰ ਤੰਗ-ਪ੍ਰੇਸ਼ਾਨ ਕਰ ਰਿਹਾ ਸੀ ਅਤੇ ਜ਼ਬਰਦਸਤੀ ਮੁਸਲਮਾਨ ਬਣਾ ਰਿਹਾ ਸੀ। ਔਰੰਗਜ਼ੇਬ ਦੇ ਜ਼ੁਲਮ ਤੋਂ ਦੁਖੀ ਹੋ ਕੇ ਕਸ਼ਮੀਰੀ ਪੰਡਿਤ ਆਪਣੀਆਂ ਸ਼ਿਕਾਇਤਾਂ ਲੈ ਕੇ ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸ਼ਰਨ ਲੈਣ ਲਈ ਸ੍ਰੀ ਅਨੰਦਪੁਰ ਸਾਹਿਬ ਆਏ।

ਉਸ ਗੰਭੀਰ ਗੱਲਬਾਤ ਨੂੰ ਸੁਣ ਕੇ ਆਪ ਜੀ ਦੇ 9 ਸਾਲ ਦੇ ਪੁੱਤਰ ਗੋਬਿੰਦ ਰਾਏ ਜੀ ਨੇ ਪੁੱਛਿਆ, " ਪਿਤਾ ਜੀ ਕੀ ਸਮੱਸਿਆ ਹੈ?" ਗੁਰੂ ਜੀ ਨੇ ਆਪਣੇ ਪੁੱਤਰ ਗੋਬਿੰਦ ਰਾਏ ਜੀ ਨੂੰ ਹਿੰਦੂਆਂ ਤੇ ਹੋ ਰਹੇ ਜ਼ੁਲਮਾਂ ਤੇ ਉਨ੍ਹਾਂ ਦੇ ਦੁੱਖਾਂ ਬਾਰੇ ਦੱਸਿਆ ਅਤੇ ਕਿਹਾ ਕਿ ਇਸ ਸਮੱਸਿਆ ਦੇ ਹੱਲ ਲਈ ਇੱਕ ਮਹਾਨ ਆਤਮਾ ਨੂੰ ਆਪਣੀ ਕੁਰਬਾਣੀ ਦੇਣੀ ਪਵੇਗੀ, ਪਰ ਅਜਿਹਾ ਮਨੁੱਖ ਕੌਣ ਹੋਵੇਗਾ? ਇਹ ਸੁਣ ਕੇ ਗੋਬਿੰਦ ਰਾਏ ਜੀ ਨੇ ਉੱਤਰ ਦਿੱਤਾ, "ਬ੍ਰਾਹਮਣਾਂ ਦੀ ਰੱਖਿਆ ਕਰਨ ਲਈ ਤੁਹਾਡੇ ਨਾਲੋਂ ਚੰਗਾ ਕੌਣ ਹੋਵੇਗਾ?" ਗੁਰੂ ਤੇਗ਼ ਬਹਾਦਰ ਜੀ ਆਪਣੇ ਮਾਸੂਮ ਪੁੱਤਰ ਦੇ ਇਸ ਜਵਾਬ ਨੂੰ ਸੁਨ ਕੇ ਮੁਸਕੁਰਾਏ ਅਤੇ ਕਸ਼ਮੀਰੀ ਪੰਡਿਤਾਂ ਨੂੰ ਕਿਹਾ ਕਿ ਉਹ ਔਰੰਗਜ਼ੇਬ ਕੋਲ ਜਾਕੇ ਇਹ ਸੰਦੇਸ਼ ਦੇਣ ਕਿ ਜੇਕਰ ਬਾਦਸ਼ਾਹ ਗੁਰੂ ਤੇਗ਼ ਬਹਾਦਰ ਜੀ ਦਾ ਧਰਮ ਪਰਿਵਰਤਿਤ ਕਰਨ ਵਿੱਚ ਸਫਲ ਹੋਵੇਗਾ, ਤਾਂ ਸਾਰੇ ਕਸ਼ਮੀਰੀ ਪੰਡਿਤ ਵੀ ਖੁਸ਼ੀ ਨਾਲ ਇਸਲਾਮ ਕਬੂਲ ਕਰ ਲੈਣਗੇ। ਉਸ ਤੋਂ ਬਾਅਦ ਮੁਗਲ ਬਾਦਸ਼ਾਹ ਔਰੰਗਜ਼ੇਬ ਨੇ ਗੁਰੂ ਜੀ ਨੂੰ ਇਸਲਾਮ ਧਾਰਨ ਕਰਨ ਦੀ ਪੂਰੀ ਕੋਸ਼ਿਸ਼ ਕੀਤੀ, ਪਰ ਉਸ ਦੀਆਂ ਸਾਰੀਆਂ ਕੋਸ਼ਿਸ਼ਾਂ ਬੇਕਾਰ ਗਈਆਂ।